ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 30 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੬ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸ਼੍ਰੋਮਣੀ ਕਮੇਟੀ ’ਤੇ ਚੁੱਕੇ ਸਵਾਲ

# 328 ਸਰੂਪਾਂ ਦੇ ਮਾਮਲੇ ’ਚ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਵੱਡੀ ਕਾਰਵਾਈ

**ਚੰਡੀਗੜ੍ਹ, 29 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਚੋਰੀ ਹੋਏ 328 ਸਰੂਪਾਂ ਦੇ ਮਾਮਲੇ ’ਚ ਅਹਿਮ ਪ੍ਰੈੱਸ ਕਾਨਫਰੰਸ ਕੀਤੀ ਗਈ। ਉਨ੍ਹਾਂ 328 ਚੋਰੀ ਹੋਏ ਸਰੂਪਾਂ ਬਾਰੇ ਬੋਲਦਿਆਂ ਕਿਹਾ



ਕਿ ਪੰਥਕ ਜੱਥੇਬੰਦੀਆਂ ਅਤੇ ਸਿੱਖ ਸੰਸਥਾਵਾਂ ਨੇ ਸਾਡੇ ਤੱਕ ਵੀ ਸੁਨੇਹੇ ਪਹੁੰਚਾਏ ਕਿ ਇਹ ਸਰੂਪ ਕਿੱਥੇ ਹਨ, ਇਸ ਦੀ ਜਾਂਚ ਕਰਵਾਈ ਜਾਵੇ। ਪਿਛਲੇ ਦਿਨੀਂ ਸੰਤ ਸਮਾਜ ਦੀਆਂ ਬਹੁਤ ਸਾਰੀਆਂ ਜੱਥੇਬੰਦੀਆਂ ਵਲੋਂ ਇਕੱਤਰਤਾ ਕਰਕੇ ਸਰਕਾਰ ਨੂੰ ਮੰਗ ਪੱਤਰ ਦਿੱਤਾ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਅਸੀਂ ਇਸ ਨੂੰ ਲੈ ਕੇ ਇਸ ਐੱਸ. ਆਈ. ਟੀ. ਬਣਾਈ ਹੈ ਤਾਂ ਜੋ ਵਧੀਆ ਤਰੀਕੇ ਨਾਲ ਇਸ ਦੀ ਜਾਂਚ ਹੋ ਸਕੇ ਕਿ ਇਸ ਘਟਨਾ ਲਈ ਕੌਣ-ਕੌਣ ਦੋਸ਼ੀ ਹਨ। ਉਨ੍ਹਾਂ ਕਿਹਾ ਕਿ ਹੁਣ ਅਚਾਨਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰੈੱਸ ਮਿਲਣੀਆਂ ਕਰਨ ਲੱਗ ਪਈ ਕਿ ਇਹ ਤਾਂ ਪੈਸੇ ਦੇ ਘਪਲੇ ਦੀ ਗੱਲ ਹੈ। ਇਸ ਤਰ੍ਹਾਂ ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਚੋਰੀ ਹੋਣ ਤੋਂ ਪੱਲਾ ਹੀ ਝਾੜ ਲਿਆ। ਉਨ੍ਹਾਂ ਕਿਹਾ ਕਿ ਇਸ ਨੂੰ ਲੈ ਕੇ ਸੰਗਤ ’ਚ ਕਈ ਤਰ੍ਹਾਂ ਦੇ ਸ਼ੰਕੇ ਪੈਦਾ ਹੋ ਗਏ ਹਨ। ਮੁੱਖ ਮੰਤਰੀ ਨੇ ਕਿਹਾ ਕਿ ਕਮੇਟੀ ਦੇ ਪ੍ਰਧਾਨ ਨੇ ਮੰਨਿਆ ਹੈ ਕਿ 10-20 ਘਪਲੇ ਤਾਂ ਰੋਜ਼ ਹੀ ਹੁੰਦੇ ਹਨ। ਉਨ੍ਹਾਂ ਕਿਹਾ ਕਿ ਮੇਰੇ ਕੋਲ ਐੱਸ. ਜੀ. ਪੀ. ਸੀ. ਦੀ ਅੰਤਰਿੰਗ ਕਮੇਟੀ ਦੇ ਮਤੇ ਹਨ। ਐੱਸ. ਜੀ. ਪੀ. ਸੀ. ਨੇ ਮੰਨਿਆ ਹੈ ਕਿ ਸਰੂਪ ਘਟੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪਹਿਲਾਂ ਕਮੇਟੀ ਨੇ ਕਿਹਾ ਸੀ ਕਿ ਇਨ੍ਹਾਂ ਘਟਦੇ ਸਰੂਪਾਂ ਦੀ ਰਿਕਵਰੀ ਲਈ ਪੈਰਵੀ ਕੀਤੀ ਜਾਵੇ ਅਤੇ ਐੱਸ. ਜੀ. ਪੀ. ਸੀ. ਪ੍ਰਧਾਨ ਇਸ ਮਾਮਲੇ ’ਚ ਕਾਨੂੰਨੀ ਕਾਰਵਾਈ ਕਰਵਾਉਣ ਲਈ ਤਿਆਰ ਸਨ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਰਿਕਾਰਡ ’ਚ ਵਾਰ-ਵਾਰ ਛੇੜਛਾੜ ਕੀਤੀ ਗਈ। ਮੁੱਖ ਮੰਤਰੀ ਨੇ ਕਿਹਾ ਕਿ ਸਤਿੰਦਰ ਸਿੰਘ ਕੋਹਲੀ ਦੀ ਚਾਰਟਰਡ ਅਕਾਊਂਟੈਂਟ ਦੀ ਭੂਮਿਕਾ ’ਤੇ ਵੱਡੇ ਸਵਾਲ ਖੜ੍ਹੇ ਹੁੰਦੇ ਹਨ ਅਤੇ ਕੋਹਲੀ ਨੂੰ ਐੱਸ. ਜੀ. ਪੀ. ਸੀ. ਵਲੋਂ ਕਰੋੜਾਂ ਰੁਪਏ ਦੀ ਤਨਖ਼ਾਹ ਦਿੱਤੀ ਗਈ। ਉਨ੍ਹਾਂ ਕਿਹਾ ਕਿ ਕੋਹਲੀ ਸੁਖਬੀਰ ਬਾਦਲ ਦਾ ਕੰਮ ਵੀ ਦੇਖਦਾ ਸੀ। ਮੁੱਖ ਮੰਤਰੀ ਨੇ ਕਿਹਾ ਕਿ ਪਹਿਲਾਂ ਚੋਰੀ ਹੋਏ ਸਰੂਪਾਂ ਦੇ ਮਾਮਲੇ ਸਬੰਧੀ ਐੱਸ. ਜੀ. ਪੀ. ਸੀ. ਵਲੋਂ ਕਾਨੂੰਨੀ ਕਾਰਵਾਈ ਲਈ ਮਤੇ ਪਾਏ ਗਏ, ਫਿਰ ਫਸਣ ਦੇ ਡਰ ਤੋਂ ਸਾਰੇ ਮਤੇ ਰੱਦ ਕਰ ਦਿੱਤੇ ਗਏ। ਉਨ੍ਹਾਂ ਕਿਹਾ ਕਿ ਇਨ੍ਹਾਂ ਦਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਿਆਦਾ ਨਾਲ ਕੋਈ ਲੈਣ-ਦੇਣ ਨਹੀਂ ਹੈ। ਹੁਣ ਇਨ੍ਹਾਂ ਨੂੰ ਡਰ ਹੈ ਕਿ ਐੱਸ. ਆਈ. ਟੀ. ਇਨ੍ਹਾਂ ਕੋਲੋਂ ਪੁੱਛਗਿੱਛ ਕੀਤੀ ਜਾਵੇਗੀ। ਇਨ੍ਹਾਂ ਨੂੰ ਪੁੱਛਗਿੱਛ ’ਚ ਕੱਚੇ ਚਿੱਠੇ ਖੁੱਲ੍ਹਣ ਦਾ ਡਰ ਹੈ। ਉਨ੍ਹਾਂ ਕਿਹਾ ਕਿ ਐੱਸ. ਜੀ. ਪੀ. ਦੀ ਪ੍ਰਧਾਨ ਨੂੰ ਕਠਪੁਤਲੀ ਦੀ ਤਰ੍ਹਾਂ ਚਲਾਇਆ ਜਾ ਰਿਹਾ ਹੈ।

## ਪਾਵਨ ਸਰੂਪਾਂ ਦੇ ਮਾਮਲੇ ’ਤੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਸੰਗਤਾਂ ਨੂੰ ਕਰ ਰਹੇ ਹਨ ਗੁੰਮਰਾਹ- ਐਡਵੋਕੇਟ ਧਾਮੀ

### ਭਲਕੇ 12 ਵਜੇ ਮੀਡੀਆ ਦੇ ਸਨਮੁਖ ਸੰਗਤਾਂ ਸਾਹਮਣੇ ਤੱਥਾਂ ਸਹਿਤ ਦਿੱਤੀ ਜਾਏਗੀ ਜਾਣਕਾਰੀ

**ਨਵੀਂ ਦਿੱਲੀ, 29 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੇ ਮਾਮਲੇ ਨੂੰ ਉਹ ਤੱਥਾਂ ਸਹਿਤ ਭਲਕੇ ਸੰਗਤਾਂ ਸਾਹਮਣੇ ਰੱਖਣਗੇ। ਉਨ੍ਹਾਂ ਕਿਹਾ ਕਿ ਲੰਘੇ ਕੱਲ੍ਹ ਹੀ ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਸਿੰਘ ਸਾਹਿਬਾਨ ਦੀ ਇਕੱਤਰਤਾ ਦੌਰਾਨ ਕੀਤੇ ਗਏ ਆਦੇਸ਼ ਵਿਚ ਇਹ ਸਪੱਸ਼ਟ ਕੀਤਾ ਸੀ ਕਿ ਇਸ ਮਾਮਲੇ ’ਤੇ ਕੋਈ ਵੀ ਸਿਆਸਤ ਕਰਨ ਦੀ ਕੁਤਾਹੀ ਨਾ ਕਰੇ, ਪ੍ਰੰਤੂ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਇਸ ਮਾਮਲੇ ’ਤੇ ਸੰਗਤਾਂ ਨੂੰ ਗੁੰਮਰਾਹ ਕਰਨ ਦਾ ਯਤਨ ਕਰ ਰਹੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਉਹ ਭਲਕੇ 30 ਦਸੰਬਰ 2025 ਨੂੰ ਦੁਪਹਿਰ 12 ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਮੀਡੀਆ ਨੂੰ ਸੰਬੋਧਨ ਹੋਣਗੇ ਅਤੇ ਇਸ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਕੀਤੀ ਗਈ ਹਰ ਕਾਰਵਾਈ ਨੂੰ ਤੱਥਾਂ ਸਹਿਤ ਸੰਗਤਾਂ ਦੇ ਸਨਮੁਖ ਰੱਖਣਗੇ। ਉਨ੍ਹਾਂ ਸੰਗਤਾਂ ਨੂੰ ਇਸ ਮਾਮਲੇ ’ਤੇ ਕੀਤੀ ਜਾ ਰਹੀ ਸਿਆਸਤ ਤੋਂ ਸੁਚੇਤ ਰਹਿਣ ਦੀ ਅਪੀਲ ਵੀ ਕੀਤੀ।






## ਟਾਟਾ-ਏਰਨਾਕੁਲਮ ਐਕਸਪ੍ਰੈਸ ’ਚ ਅੱਗ ਦਾ ਤਾਂਡਵ, ਜਿਊਂਦਾ ਸੜਿਆ 1 ਯਾਤਰੀ, ਕਈ 13 ਡੱਬੇ ਹੋਏ ਰਾਖ

**ਨਵੀਂ ਦਿੱਲੀ, 29 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਆਂਧਰਾ ਪ੍ਰਦੇਸ਼ ਦੇ ਯਾਲਾਮੰਚਿਲੀ ਵਿੱਚ ਸੋਮਵਾਰ ਸਵੇਰੇ ਟਾਟਾ-ਏਰਨਾਕੁਲਮ ਐਕਸਪ੍ਰੈਸ ਟ੍ਰੇਨ ਵਿੱਚ ਅੱਗ ਲੱਗ ਗਈ। ਇਸ ਹਾਦਸੇ ਵਿੱਚ ਇੱਕ ਯਾਤਰੀ ਦੀ ਮੌਤ ਹੋ ਗਈ। ਐਤਵਾਰ ਅੱਧੀ ਰਾਤ ਤੋਂ ਬਾਅਦ ਆਂਧਰਾ ਪ੍ਰਦੇਸ਼ ਦੇ ਏਲਾਮਾਂਚਿਲੀ ਨੇੜੇ ਟਾਟਾ-ਏਰਨਾਕੁਲਮ ਐਕਸਪ੍ਰੈਸ ਵਿੱਚ ਭਿਆਨਕ ਅੱਗ ਲੱਗ ਗਈ। ਇਹ ਹਾਦਸਾ ਸਵੇਰੇ 1:30 ਵਜੇ ਦੇ ਕਰੀਬ ਉਦੋਂ ਵਾਪਰਿਆ ਜਦੋਂ ਟ੍ਰੇਨ ਏਲਾਮਾਂਚਿਲੀ ਦੇ ਨੇੜੇ ਲੰਘ ਰਹੀ ਸੀ। ਟ੍ਰੇਨ ਦੀ ਪੈਂਟਰੀ ਕਾਰ ਦੇ ਨਾਲ ਲੱਗਦੇ ਬੀ-1 ਅਤੇ ਐਮ-2 ਏਸੀ ਕੋਚਾਂ ਵਿੱਚ ਅਚਾਨਕ ਅੱਗ ਲੱਗ ਗਈ। ਰੇਲਵੇ ਸੂਤਰਾਂ ਅਨੁਸਾਰ, ਧੂੰਆਂ ਅਤੇ ਅੱਗ ਦੇਖ ਕੇ ਟ੍ਰੇਨ ਦੇ ਲੋਕੋ ਪਾਇਲਟਾਂ ਨੇ ਤੁਰੰਤ ਟ੍ਰੇਨ ਨੂੰ ਰੋਕ ਦਿੱਤਾ। ਹਾਲਾਂਕਿ, ਫਾਇਰ ਬ੍ਰਿਗੇਡ ਦੇ ਗੱਡੀਆਂ ਦੇ ਮੌਕੇ ’ਤੇ ਪਹੁੰਚਣ ਤੋਂ ਪਹਿਲਾਂ, ਦੋਵੇਂ ਏਸੀ ਕੋਚ ਪੂਰੀ ਤਰ੍ਹਾਂ ਅੱਗ ਦੀ ਲਪੇਟ ਵਿੱਚ ਆ ਗਏ ਸਨ। ਅੱਗ ਨੇ ਕੋਚਾਂ ਨੂੰ ਸੰਘਣੇ ਧੂੰਏਂ ਨਾਲ ਭਰ ਦਿੱਤਾ, ਜਿਸ ਕਾਰਨ ਯਾਤਰੀਆਂ ਵਿੱਚ ਦਹਿਸ਼ਤ ਫੈਲ ਗਈ। ਬਹੁਤ ਸਾਰੇ ਯਾਤਰੀ ਘਬਰਾ ਗਏ ਅਤੇ ਆਪਣੀ ਜਾਨ ਬਚਾਉਣ ਲਈ ਟ੍ਰੇਨ ਤੋਂ ਉਤਰ ਗਏ। ਇਸ ਹਾਦਸੇ ਵਿੱਚ ਇੱਕ ਯਾਤਰੀ ਸੜ ਕੇ ਮਰ ਗਿਆ। ਇੱਕ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਅੱਗ ਲੱਗਣ ਸਮੇਂ, ਦੋ ਪ੍ਰਭਾਵਿਤ ਕੋਚਾਂ ਵਿੱਚ ਕ੍ਰਮਵਾਰ 82 ਅਤੇ 76 ਯਾਤਰੀ ਮੌਜੂਦ ਸਨ।

## ਸਾਬਕਾ ਮੁੱਖ ਮੰਤਰੀ ਚੰਨੀ ਦੇ ਘਰ ਨੇੜੇ ਚੱਲੀਆਂ ਗੋਲੀਆਂ : 1 ਗ੍ਰਿਫ਼ਤਾਰ

**ਰੂਪਨਗਰ, 29 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਰੂਪਨਗਰ ਦੇ ਮੁਰਿੰਡਾ ਵਿੱਚ ਸਾਬਕਾ ਮੁੱਖ ਮੰਤਰੀ ਅਤੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਦੇ ਘਰ ਨੇੜੇ ਗੋਲੀਬਾਰੀ ਹੋਈ।



ਕਾਰ ਦੀ ਵਿਕਰੀ ਅਤੇ ਖਰੀਦ ਨੂੰ ਲੈ ਕੇ ਝਗੜਾ ਹੋਇਆ ਸੀ, ਜਿਸ ਤੋਂ ਬਾਅਦ ਮਿਲਣ ਲਈ ਬੁਲਾਇਆ ਗਿਆ, ਜਿੱਥੇ ਝਗੜੇ ਤੋਂ ਬਾਅਦ ਗੋਲੀ ਚਲਾ ਦਿੱਤੀ ਗਈ। ਘਟਨਾ ਸੋਮਵਾਰ ਦੁਪਹਿਰ ਕਰੀਬ 3 ਵਜੇ ਵਾਪਰੀ। ਗੋਲੀ ਵਿਅਕਤੀ ਦੀ ਕਮਰ ਦੇ ਨੇੜੇ ਤੋਂ ਲੰਘ ਗਈ। ਪੁਲਿਸ ਨੇ ਦੋਸ਼ੀ ਸਿਕੰਦਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਹਾਲਾਂਕਿ, ਇਸ ਘਟਨਾ ਦਾ ਸਾਬਕਾ ਸੀਐਮ ਚੰਨੀ ਜਾਂ ਉਨ੍ਹਾਂ ਦੇ ਪਰਿਵਾਰ ਨਾਲ ਕੋਈ ਸਬੰਧ ਨਹੀਂ ਹੈ। ਪੀੜਤ ਕਾਲੀ ਨੇ ਪੁਲਿਸ ਨੂੰ ਦੱਸਿਆ ਕਿ ਕਾਰ ਸੌਦੇ ਦੀ ਰਕਮ ਲਗਭਗ ?3.5 ਲੱਖ ਸੀ। ਪੈਸੇ ਲੈਣ ਦੇ ਬਾਵਜੂਦ, ਦੋਸ਼ੀ ਨੇ ਕਾਰ ਪੀੜਤ ਦੇ ਨਾਮ ’ਤੇ ਟ੍ਰਾਂਸਫਰ ਨਹੀਂ ਕੀਤੀ ਅਤੇ ਬਾਅਦ ਵਿੱਚ ਇਸਨੂੰ ਕਿਸੇ ਹੋਰ ਵਿਅਕਤੀ ਨੂੰ ਵੇਚ ਦਿੱਤਾ। ਇਸ ਮੁੱਦੇ ਨੂੰ ਲੈ ਕੇ ਦੋਵਾਂ ਧਿਰਾਂ ਵਿਚਕਾਰ ਕਈ ਦਿਨਾਂ ਤੋਂ ਝਗੜਾ ਚੱਲ ਰਿਹਾ ਸੀ। ਘਟਨਾ ਵਾਲੇ ਦਿਨ, ਦੋਸ਼ੀ ਨੇ ਪੀੜਤ ਨੂੰ ਚੰਨੀ ਦੇ ਘਰ ਨੇੜੇ ਮਿਲਣ ਲਈ ਬੁਲਾਇਆ ਸੀ। ਗੱਲਬਾਤ ਦੌਰਾਨ, ਬਹਿਸ ਵੱਧ ਗਈ, ਅਤੇ ਦੋਸ਼ੀ ਨੇ ਰਿਵਾਲਵਰ ਕੱਢਿਆ ਅਤੇ ਗੋਲੀ ਚਲਾ ਦਿੱਤੀ। ਗੋਲੀ ਪੀੜਤ ਦੇ ਨੇੜਿਓਂ ਲੰਘ ਗਈ, ਜਿਸ ਨਾਲ ਉਹ ਸੁਰੱਖਿਅਤ ਰਿਹਾ। ਰਾਹਗੀਰਾਂ ਨੇ ਦਖਲ ਦਿੱਤਾ ਅਤੇ ਸਥਿਤੀ ਨੂੰ ਸ਼ਾਂਤ ਕੀਤਾ। ਸੂਚਨਾ ਮਿਲਣ ’ਤੇ, ਪੁਲਿਸ ਤੁਰੰਤ ਮੌਕੇ ’ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ। ਉਨ੍ਹਾਂ ਨੇ ਮਾਮਲਾ ਦਰਜ ਕਰਕੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ। ਘਟਨਾ ਵਿੱਚ ਵਰਤੇ ਗਏ ਹਥਿਆਰ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਪੂਰੇ ਮਾਮਲੇ ਦੀ ਨਿਰਪੱਖਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਐਸਪੀ (ਡੀ) ਰੂਪਨਗਰ ਗੁਰਦੀਪ ਸਿੰਘ ਨੇ ਦੱਸਿਆ ਕਿ ਥਾਣਾ ਸਿਟੀ ਮੁਰਿੰਡਾ ਇਲਾਕੇ ਵਿੱਚ ਇਹ ਗੋਲੀਬਾਰੀ ਦੀ ਘਟਨਾ ਸਾਬਕਾ ਮੁੱਖ ਮੰਤਰੀ ਅਤੇ ਮੌਜੂਦਾ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਦੀ ਰਿਹਾਇਸ਼ ਦੇ ਨੇੜੇ ਵਾਪਰੀ। ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਝਗੜਾ ਕਾਰ ਦੇ ਲੈਣ-ਦੇਣ ਤੋਂ ਹੋਇਆ ਸੀ। ਪੁਲਿਸ ਦੇ ਅਨੁਸਾਰ, ਦੋਵੇਂ ਧਿਰਾਂ ਸੜਕ ’ਤੇ ਇੱਕ ਦੂਜੇ ਦਾ ਸਾਹਮਣਾ ਕਰ ਰਹੀਆਂ ਸਨ, ਜਿੱਥੇ ਆਪਸੀ ਝਗੜੇ ਦੌਰਾਨ ਇੱਕ ਵਿਅਕਤੀ ਨੇ ਗੋਲੀਆਂ ਚਲਾ ਦਿੱਤੀਆਂ। ਮੌਕੇ ’ਤੇ ਮੌਜੂਦ ਦੂਜੀ ਧਿਰ ਨੇ ਤੁਰੰਤ ਦੋਸ਼ੀ ਨੂੰ ਕਾਬੂ ਕਰ ਲਿਆ ਅਤੇ ਉਸਨੂੰ ਪੁਲਿਸ ਦੇ ਹਵਾਲੇ ਕਰ ਦਿੱਤਾ। ਪੁਲਿਸ ਨੇ ਦੋਸ਼ੀ ਦੇ ਬਿਆਨ ਦਰਜ ਕਰ ਲਏ ਹਨ, ਅਤੇ ਉਨ੍ਹਾਂ ਦੇ ਬਿਆਨਾਂ ਦੇ ਆਧਾਰ ’ਤੇ ਮਾਮਲਾ ਦਰਜ ਕੀਤਾ ਜਾ ਰਿਹਾ ਹੈ। ਪੂਰੇ ਮਾਮਲੇ ਦੀ ਜਾਂਚ ਜਾਰੀ ਹੈ।

## ਨਗਰ ਕੀਰਤਨ ਦੌਰਾਨ ‘ਆਪ’ ਆਗੂ ’ਤੇ ਹਮਲਾ ! ਲਾਹੀ ਗਈ ਪੱਗ




**ਜਗਰਾਓਂ, 29 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪਿੰਡ ਹਲਵਾਰਾ ਵਿਚ ਧਾਰਮਿਕ ਸਮਾਗਮ ਦੌਰਾਨ ਉਸ ਸਮੇਂ ਤਣਾਅਪੂਰਨ ਸਥਿਤੀ ਬਣ ਗਈ, ਜਦੋਂ ਬਾਬਾ ਜੀਵਨ ਸਿੰਘ ਦੀ ਯਾਦ ਨੂੰ ਸਮਰਪਿਤ ਕੱਢੇ ਜਾ ਰਹੇ ਨਗਰ ਕੀਰਤਨ ਦੌਰਾਨ ਪਿੰਡ ਦੇ ਸਰਪੰਚ ਤੇ ਆਮ ਆਦਮੀ ਪਾਰਟੀ ਦੇ ਆਗੂ ਸੁਖਵਿੰਦਰ ਸਿੰਘ ਹਲਵਾਰਾ ’ਤੇ ਹਮਲਾ ਕਰ ਦਿੱਤਾ ਗਿਆ। ਦੱਸਿਆ ਜਾਂਦਾ ਹੈ ਕਿ ਨਗਰ ਕੀਰਤਨ ਦੌਰਾਨ ਹੋਏ ਝਗੜੇ ਤੋਂ ਬਾਅਦ ਕੁਝ ਨੌਜਵਾਨਾਂ ਵਲੋਂ ਸਰਪੰਚ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ, ਜਿਸ ਵਿਚ ਉਨ੍ਹਾਂ ਨੂੰ ਸੱਟਾਂ ਲੱਗੀਆਂ ਅਤੇ ਉਨ੍ਹਾਂ ਦੀ ਪੱਗ ਵੀ ਉਤਾਰ ਦਿੱਤੀ ਗਈ। ਹਮਲੇ ਤੋਂ ਬਾਅਦ ਜ਼ਖ਼ਮੀ ਸਰਪੰਚ ਨੂੰ ਇਲਾਜ ਲਈ ਸਿਵਲ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ। ਘਟਨਾ ਦੀ ਜਾਣਕਾਰੀ ਮਿਲਣ ’ਤੇ ਡੀ. ਐੱਸ. ਪੀ. ਸ਼ਿਵ ਕਮਲ ਸਿੰਘ ਮੌਕੇ ’ਤੇ ਪੁੱਜੇ ਅਤੇ ਚਸ਼ਮਦੀਦਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਦੇ ਨਿਰਦੇਸ਼ਾਂ ’ਤੇ ਥਾਣਾ ਸੁਧਾਰ ਵਲੋਂ ਤੁਰੰਤ ਮਾਮਲਾ ਦਰਜ ਕਰ ਲਿਆ ਗਿਆ। ਪੁਲਸ ਨੂੰ ਦਿੱਤੇ ਬਿਆਨ ਵਿਚ ਸਰਪੰਚ ਨੇ ਦੱਸਿਆ ਕਿ ਨਗਰ ਕੀਰਤਨ ਦੌਰਾਨ ਉਸ ਨੇ ਸੁਖਦੇਵ ਸਿੰਘ ਉਰਫ ਸੁੱਖਾ ਨੂੰ ਸੋਸ਼ਲ ਮੀਡੀਆ ’ਤੇ ਕੀਤੀ ਜਾ ਰਹੀ ਗਾਲੀ-ਗਲੋਚ ਅਤੇ ਭੜਕਾਊ ਪ੍ਰਚਾਰਬਾਜ਼ੀ ਤੋਂ ਰੋਕਣ ਦੀ ਕੋਸ਼ਿਸ਼ ਕੀਤੀ ਸੀ, ਜਿਸ ਕਾਰਨ ਗੱਲ ਤਕਰਾਰ ਤਕ ਪਹੁੰਚ ਗਈ। ਦੋਸ਼ ਹੈ ਕਿ ਇਸ ਤੋਂ ਬਾਅਦ ਸੁਖਦੇਵ ਸਿੰਘ ਨੇ ਆਪਣੇ ਸਾਥੀਆਂ ਨੂੰ ਉਕਸਾਇਆ ਅਤੇ ਹਮਲਾ ਕਰਵਾ ਦਿੱਤਾ। ਸਰਪੰਚ ਅਨੁਸਾਰ ਰਾਜਵੀਰ ਸਿੰਘ ਉਰਫ ਸੰਨੀ, ਰਾਜਵਿੰਦਰ ਸਿੰਘ ਉਰਫ ਗਗਨਾ (ਦੋਵੇਂ ਭਰਾ), ਵਿਸ਼ਾਲ, ਜੱਸਾ ਤੇ ਹੈਪੀ ਸਮੇਤ 12 ਤੋਂ ਵੱਧ ਅਣਪਛਾਤੇ ਵਿਅਕਤੀਆਂ ਨੇ ਲੋਹੇ ਦੀਆਂ ਰਾਡਾਂ ਅਤੇ ਡਾਂਗਾਂ ਨਾਲ ਉਸ ’ਤੇ ਹਮਲਾ ਕੀਤਾ। ਨਗਰ ਕੀਰਤਨ ਵਿਚ ਮੌਜੂਦ ਪਿੰਡ ਵਾਸੀਆਂ ਨੇ ਮਾਮਲਾ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ ਪਰ ਹਮਲਾਵਰਾਂ ਨੇ ਹਿੰਸਾ ਜਾਰੀ ਰੱਖੀ। ਸਰਪੰਚ ਨੇ ਇਹ ਵੀ ਦੋਸ਼ ਲਾਇਆ ਕਿ ਇਸ ਹਮਲੇ ਵਿਚ ਵਿਰੋਧੀ ਰਾਜਨੀਤਿਕ ਪੱਖ ਨਾਲ ਸਬੰਧਤ ਕੁਝ ਲੋਕਾਂ ਦੀ ਭੂਮਿਕਾ ਵੀ ਸਾਹਮਣੇ ਆ ਰਹੀ ਹੈ। ਥਾਣਾ ਸੁਧਾਰ ਦੇ ਮੁਖੀ ਗੁਰਦੀਪ ਸਿੰਘ ਨੇ ਦੱਸਿਆ ਕਿ ਸਰਪੰਚ ਦੀ ਸ਼ਿਕਾਇਤ ਦੇ ਆਧਾਰ ’ਤੇ 18 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ ਅਤੇ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

## 31 ਤਰੀਕ ਤੋਂ ਮੀਂਹ ਦੀ ਸੰਭਾਵਨਾ : ਸੰਘਣੀ ਧੁੰਦ ਨੇ ਜਕੜਿਆ ਪੰਜਾਬ, ਸੀਤ ਲਹਿਰ ਨੇ ਫੜਿਆ ਜ਼ੋਰ



**ਚੰਡੀਗੜ੍ਹ, 29 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਚੰਡੀਗੜ੍ਹ ਵਿੱਚ ਲੋਕਾਂ ਨੂੰ ਅੱਜ (ਸੋਮਵਾਰ) ਸੰਘਣੀ ਧੁੰਦ ਅਤੇ ਠੰਢ ਦੀ ਲਹਿਰ ਦਾ ਸਾਹਮਣਾ ਕਰਨਾ ਪਵੇਗਾ। ਇਹ ਸਥਿਤੀ ਸਵੇਰ ਅਤੇ ਰਾਤ ਦੌਰਾਨ ਬਣੀ ਰਹੇਗੀ। ਮੌਸਮ ਵਿਭਾਗ ਨੇ ਇਸ ਸਬੰਧੀ ਸੰਤਰੀ ਚੇਤਾਵਨੀ ਜਾਰੀ ਕੀਤੀ ਹੈ। ਮੌਸਮ ਵਿਭਾਗ ਅਨੁਸਾਰ 31 ਦਸੰਬਰ ਅਤੇ ਨਵੇਂ ਸਾਲ ਦੇ ਪਹਿਲੇ ਦਿਨ ਸੂਬੇ ਵਿੱਚ ਕੁਝ ਥਾਵਾਂ ’ਤੇ ਮੀਂਹ ਪੈ ਸਕਦਾ ਹੈ। ਉਸ ਤੋਂ ਬਾਅਦ ਮੌਸਮ ਸਾਫ਼ ਹੋ ਜਾਵੇਗਾ। ਪਿਛਲੇ 24 ਘੰਟਿਆਂ ਵਿੱਚ, ਸੂਬੇ ਵਿੱਚ ਘੱਟੋ-ਘੱਟ ਅਤੇ ਵੱਧ ਤੋਂ ਵੱਧ ਤਾਪਮਾਨ ਦੋਵਾਂ ਵਿੱਚ ਗਿਰਾਵਟ ਆਈ ਹੈ। ਘੱਟੋ-ਘੱਟ ਤਾਪਮਾਨ 1.1 ਡਿਗਰੀ ਸੈਲਸੀਅਸ ਘਟਿਆ ਹੈ, ਜਿਸ ਨਾਲ ਇਹ ਆਮ ਦੇ ਨੇੜੇ ਆ ਗਿਆ ਹੈ। ਸਭ ਤੋਂ ਘੱਟ ਤਾਪਮਾਨ ਫਰੀਦਕੋਟ ਵਿੱਚ 3.4 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਅਗਲੇ ਤਿੰਨ ਦਿਨਾਂ ਤੱਕ ਮੌਸਮ ਖੁਸ਼ਕ ਰਹਿਣ ਦੀ ਉਮੀਦ ਹੈ। 31 ਦਸੰਬਰ ਅਤੇ 1 ਜਨਵਰੀ ਨੂੰ ਰਾਜ ਵਿੱਚ ਕੁਝ ਥਾਵਾਂ ’ਤੇ ਹਲਕੀ ਬਾਰਿਸ਼ ਹੋ ਸਕਦੀ ਹੈ। ਇਸ ਤੋਂ ਬਾਅਦ, ਮੌਸਮ ਸਾਫ਼ ਅਤੇ ਖੁਸ਼ਕ ਸਥਿਤੀ ਵਿੱਚ ਵਾਪਸ ਆਉਣ ਦੀ ਉਮੀਦ ਹੈ। ਅਗਲੇ 24 ਘੰਟਿਆਂ ਦੌਰਾਨ ਘੱਟੋ-ਘੱਟ ਤਾਪਮਾਨ ਵਿੱਚ ਕੋਈ ਖਾਸ ਬਦਲਾਅ ਨਹੀਂ ਹੋਵੇਗਾ। ਇਸ ਤੋਂ ਬਾਅਦ, ਅਗਲੇ ਤਿੰਨ ਦਿਨਾਂ ਵਿੱਚ ਤਾਪਮਾਨ ਹੌਲੀ-ਹੌਲੀ 2 ਤੋਂ 3 ਡਿਗਰੀ ਸੈਲਸੀਅਸ ਵਧ ਸਕਦਾ ਹੈ। ਫਰੀਦਕੋਟ ਅਤੇ ਗੁਰਦਾਸਪੁਰ ਵਿੱਚ ਠੰਢ ਦੀ ਲਹਿਰ ਦੇ ਹਾਲਾਤ ਦੇਖੇ ਗਏ, ਜਦੋਂ ਕਿ ਅੰਮ੍ਰਿਤਸਰ, ਆਦਮਪੁਰ, ਪਠਾਨਕੋਟ ਅਤੇ ਬਠਿੰਡਾ ਵਿੱਚ ਦ੍ਰਿਸ਼ਟੀ ਜ਼ੀਰੋ ਦਰਜ ਕੀਤੀ ਗਈ। ਜਦੋਂ ਕਿ ਲੁਧਿਆਣਾ ਵਿੱਚ ਦ੍ਰਿਸ਼ਟੀ 10 ਮੀਟਰ, ਪਟਿਆਲਾ ਵਿੱਚ 20 ਮੀਟਰ ਅਤੇ ਬਠਿੰਡਾ ਵਿੱਚ 50 ਮੀਟਰ ਦਰਜ ਕੀਤੀ ਗਈ। ਇਸ ਨਾਲ ਸੜਕੀ ਆਵਾਜਾਈ ਤੋਂ ਲੈ ਕੇ ਉਡਾਣਾਂ ਤੱਕ ਹਰ ਚੀਜ਼ ਪ੍ਰਭਾਵਿਤ ਹੋਈ ਹੈ। ਮੌਸਮ ਵਿਭਾਗ ਅਨੁਸਾਰ ਅੱਜ ਪਠਾਨਕੋਟ, ਗੁਰਦਾਸਪੁਰ, ਫਾਜ਼ਿਲਕਾ, ਮੁਕਤਸਰ, ਬਰਨਾਲਾ, ਮਾਨਸਾ, ਸੰਗਰੂਰ, ਰੂਪਨਗਰ ਅਤੇ ਮੋਹਾਲੀ ਵਿੱਚ ਕੁਝ ਥਾਵਾਂ ’ਤੇ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਹੈ।




## ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।

ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

**ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ**

**ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)**

ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ | Naam Japo
ਕਿਰਤ ਕਰੋ | Kirat Karo
ਵੰਡ ਛਕੋ | Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


# ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖਾਲ਼ਸਾ ਮੈਮੋਰੀਅਲ ਹਸਪਤਾਲ



## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।

+91 98767-50784 +91 98767-50784

ਸੰਤ ਗਿਆਨੀ ਹਰਨਾਮ ਸਿੰਘ
ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

## ਮਹਿਤਾ ਚੌਂਕ, ਅੰਮ੍ਰਿਤਸਰ


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Night Pharmacy
Ladlee Direct
Sanjay Foods
Mirch Masala
HSBC
Chai Paani
Ross Walk Launderette
Shiva Shakti Foods
Cossington Recreation ground
Roopkala Beauty Salon
Heena Tailor
Hyderabad Wala - Leicester
Belgrave Neighbourhood Centre
Belgrave Health Centre
Health Centre Car Park
Milans
Brandon Street Surgery
Shiv Sagar Veg
Punjabi Tarka
Shivalaya The Leicestershire Brahma...
0784 102 9416
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

### ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ

# ਸੰਗਠਨ ਅਹੁਦੇਦਾਰਾਂ ਨਾਲ ਕੀਤੀ ਮੀਟਿੰਗ



**ਚੌਕ ਮਹਿਤਾ, 29 ਦਸੰਬਰ,( ਬਾਬਾ ਸੁਖਵੰਤ ਸਿੰਘ ਚੰਨਣਕੇ )**-ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇਨਚਾਰਜ ਸ ਤਲਬੀਰ ਸਿੰਘ ਗਿੱਲ ਵਲੋ ਅਪਣੇ ਦਫਤਰ ਵਿਚ ਸੰਗਠਨ ਦੇ ਵੱਖ ਵੱਖ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ ਜਿਸ ਵਿੱਚ ਸੰਗਠਨ ਮੰਤਰੀ ਕਿਰਪਾਲ ਸਿੰਘ ਪ੍ਰਭਾਰੀ ਅਨੁਜ ਜੀ ਵੱਖ ਵੱਖ ਵਿੰਗ ਇਨਚਾਰਜ਼ ਅਤੇ ਬਲਾਕ ਪ੍ਰਧਾਨ ਸਾਮਿਲ ਹੋਏ ਇਸ ਮੀਟਿੰਗ ਵਿੱਚ ਤਲਬੀਰ ਸਿੰਘ ਗਿੱਲ ਵਲੋ ਹੋਈਆਂ ਜਿੱਤਾਂ ਲਈ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਤੇ ਭਵਿੱਖ ਵਿੱਚ ਪਾਰਟੀ ਦੀ ਮਜ਼ਬੂਤੀ ਬਾਰੇ ਚਰਚਾਵਾਂ ਕੀਤੀਆਂ ਜਿਸ ਵਿੱਚ ਹਲਕਾ ਮਜੀਠਾ ਵਿੱਚ 18 ਤਰੀਕ ਦੀ ਮੁਖ ਮੰਤਰੀ ਭਗਵੰਤ ਸਿੰਘ ਮਾਨ ਜੀ ਦੀ ਹੋਣ ਵਾਲੀ ਰੈਲੀ ਨੂੰ ਕਾਮਯਾਬ ਕਰਨ ਬਾਰੇ ਵਿਚਾਰ ਚਰਚਾ ਕੀਤੀ ਗਈ ਅਤੇ ਹਲਕੇ ਦੀਆਂ ਹੋਰ ਸਮੱਸਿਆਵਾਂ ਤੇ ਵੀ ਗਲਬਾਤ ਹੋਈ ਇਸ ਮੌਕੇ ਮਨਰੇਗਾ ਕਾਨੂੰਨ ਰੱਦ ਕਰਕੇ ਨਾਮ ਬਦਲਨ ਤੇ ਰਾਜ ਸਰਕਾਰਾਂ ਤੇ ਬੋਝ ਪਾਉਣ ਦਾ ਤਲਬੀਰ ਸਿੰਘ ਗਿੱਲ ਨੇ ਵਿਰੋਧ ਪ੍ਰਗਟ ਕੀਤਾ ਇਸ ਮੌਕੇ ਹਲਕਾ ਪ੍ਰਭਾਰੀ ਸ੍ਰੀ ਅਨੁਜ ਜੀ ਨੇ ਸਰਕਾਰ ਦੀਆਂ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਤੇ ਭਵਿੱਖ ਦੀਆਂ ਸਰਕਾਰੀ ਯੋਜਨਾਵਾਂ ਸੰਗਠਨ ਅਹੁਦੇਦਾਰਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਕਿਹਾ ਸੰਗਠਨ ਇਨਚਾਰਜ ਕਿਰਪਾਲ ਸਿੰਘ ਨੇ ਸੰਗਠਨ ਦੀ ਹੋਰ ਮਜ਼ਬੂਤੀ ਲਈ ਕੰਮ ਕਰਨ ਦਾ ਸੱਦਾ ਦਿੱਤਾ ਇਸ ਮੌਕੇ ਵੱਖ :-ਵੱਖ ਵਿੰਗ ਕੋਆਰਡੀਨੇਟਰ ਐਸਸੀ ਵਿੰਗ ਰਾਜ ਕੁਮਾਰ ਲੁਧੜ ਮੀਡੀਆ ਵਿੰਗ ਨਿਸ਼ਾਨ ਸਿੰਘ ਅਰਜਨ ਮਾਂਗਾ ਕਿਸਾਨ ਵਿੰਗ ਰੇਸ਼ਮ ਸਿੰਘ ਬੇਗੇਵਾਲ ਜੀ ਮਹਿਲਾ ਵਿੰਗ ਪ੍ਰਧਾਨ ਵਪਾਰ ਵਿੰਗ ਪ੍ਰਧਾਨ ਜ਼ਿਲ੍ਹਾ ਪ੍ਰੀਸ਼ਦ ਪਰਿਸ਼ਦ ਮੈਂਬਰ ਜਸਵੰਤ ਸਿੰਘ ਬਿਕਰਮ ਸਿੰਘ ਖਿੱਦੋ ਵਾਲੀ ਸੋਸ਼ਲ ਮੀਡੀਆ ਵਿੰਗ ਬਲਾਕ ਪ੍ਰਧਾਨ ਚੰਨਪ੍ਰੀਤ ਸਿੰਘ ਅਜੈਬਵਾਲੀ ਸਿਕੰਦਰ ਸਿੰਘ ਖਿੱਦੂਵਾਲ ਪਰਮਿੰਦਰ ਸਿੰਘ ਉਪਲ ਜੋਗਾ ਸਿੰਘ ਉਦੋਕੇ ਪਵਨ ਦੀਪ ਸਿੰਘ ਭੰਗਾਲੀ ਬਲਵੰਤ ਸਿੰਘ ਮਜੀਠਾ ਪਿੰਕਾ ਜੀ ਮਜੀਠਾ ਮਨਜਿੰਦਰ ਸਿੰਘ ਮਾਂਗਾ ਸਿਰਾਏ ਵਿਜੇ ਸੁਪਾਰੀਵਿੰਡ ਬਲਵੰਤ ਸਿੰਘ ਭੰਗਾਲੀ ਜਗਤਾਰ ਸਿੰਘ ਕੋਟਲਾ ਸੁਲਤਾਨ ਸਾਰੇ ਬਲਾਕ ਪ੍ਰਧਾਨ ਅਤੇ ਹੋਰ ਵਲੰਟੀਅਰ ਵੀ ਸ਼ਾਮਿਲ ਹੋਏ।

### ਆਪਸੀ ਭਾਈਚਾਰਕ ਸਾਂਝ ਤੇ ਸਦਭਾਵਨਾ ਦਾ ਸੰਦੇਸ਼ ਦਿੰਦੀਆਂ

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਬੱਸਾਂ ਰਵਾਨਾ





**ਤਲਵੰਡੀ ਸਾਬੋ, 29 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਜ਼ਿਲ੍ਹਾ ਬਠਿੰਡਾ ਦੇ 6 ਵਿਧਾਨ ਸਭਾ ਹਲਕਿਆਂ ਤੋਂ ਪਵਿੱਤਰ ਸ਼ਹਿਰ ਅੰਮ੍ਰਿਤਸਰ ਵਿਖੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀਆਂ ਬੱਸਾਂ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਵਿਧਾਇਕ ਬਠਿੰਡਾ (ਸ਼ਹਿਰੀ) ਸ. ਜਗਰੂਪ ਸਿੰਘ ਗਿੱਲ ਨੇ ਥਰਮਲ ਕਲੋਨੀ ਨੇੜੇ ਸਾਹਮਣੇ ਖੇਤਾ ਸਿੰਘ ਬਸਤੀ ਤੋਂ, ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ ਨੇ ਪਿੰਡ ਗੰਗਾ ਤੋਂ ਅਤੇ ਵਿਧਾਇਕ ਮੌੜ ਸ. ਸੁਖਵੀਰ ਸਿੰਘ ਮਾਈਸਰਖਾਨਾ ਨੇ ਪਿੰਡ ਗਿੱਲ ਕਲਾਂ ਤੋਂ ਬੱਸਾਂ ਨੂੰ ਰਵਾਨਾ ਕੀਤਾ। ਇਸੇ ਤਰ੍ਹਾਂ ਬਠਿੰਡਾ (ਦਿਹਾਤੀ) ਦੇ ਪਿੰਡ ਬੁਰਜ ਮਹਿਮਾ, ਰਾਮਪੁਰਾ ਦੇ ਪਿੰਡ ਅਕਲੀਆ ਜਲਾਲ ਅਤੇ ਤਲਵੰਡੀ ਸਾਬੋ ਦੇ ਪਿੰਡ ਅਮਰਪੁਰਾ ਗੁਰਥੜੀ ਤੋਂ ਵੀ ਬੱਸਾਂ ਰਵਾਨਾ ਕੀਤੀਆਂ ਗਈਆਂ। ਇਸ ਮੌਕੇ ਵਿਧਾਇਕ ਸ. ਜਗਰੂਪ ਸਿੰਘ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਧਾਰਮਿਕ ਯਾਤਰਾ ਦੇ ਇੱਛੁਕ ਲੋਕਾਂ ਲਈ ਇਕ ਵਰਦਾਨ ਸਾਬਤ ਹੋ ਰਹੀ ਹੈ। ਇਹ ਯੋਜਨਾ ਮਹਾਨ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਆਪਸੀ ਭਾਈਚਾਰੇ, ਏਕਤਾ ਅਤੇ ਸ਼ਾਂਤੀ ਦਾ ਸੰਦੇਸ਼ ਫੈਲਾਉਂਦੀ ਹੈ। ਇਸ ਦੌਰਾਨ ਵਿਧਾਇਕ ਭੁੱਚੋਂ ਮੰਡੀ ਮਾਸਟਰ ਜਗਸੀਰ ਸਿੰਘ ਨੇ ਕਿਹਾ ਕਿ ਪੰਜਾਬ ਮਹਾਨ ਗੁਰੂਆਂ, ਸੰਤਾਂ ਅਤੇ ਸ਼ਹੀਦਾਂ ਦੀ ਪਵਿੱਤਰ ਧਰਤੀ ਹੈ, ਜਿਨ੍ਹਾਂ ਨੇ ਸਾਨੂੰ ਸਹਿਣਸ਼ੀਲਤਾ ਦਾ ਮਾਰਗ ਦਿਖਾਇਆ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਦੀ ਰਿਹਾਇਸ਼, ਭੋਜਨ ਅਤੇ ਸੁਰੱਖਿਆ ਦਾ ਪੂਰਾ ਪ੍ਰਬੰਧ ਸਰਕਾਰ ਵੱਲੋਂ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਬਜ਼ੁਰਗ ਨੂੰ ਕਿਸੇ ਤਰ੍ਹਾਂ ਦੀ ਅਸੁਵਿਧਾ ਨਾ ਆਵੇ। ਵਿਧਾਇਕ ਮੌੜ ਸ. ਸੁਖਵੀਰ ਸਿੰਘ ਮਾਈਸਰਖਾਨਾ ਨੇ ਕਿਹਾ ਕਿ ਇਹ ਯੋਜਨਾ ਪੰਜਾਬੀਆਂ ਵਿੱਚ ਸਮਾਜਿਕ ਅਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਇਹ ਸਕੀਮ ਸਾਰੇ ਧਰਮਾਂ ਅਤੇ ਵਰਗਾਂ ਦੇ ਲੋਕਾਂ ਲਈ ਬਿਨਾਂ ਕਿਸੇ ਭੇਦਭਾਵ ਦੇ ਖੁੱਲ੍ਹੀ ਹੈ। ਇਸ ਮੌਕੇ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਉਨ੍ਹਾਂ ਪੰਜਾਬ ਸਰਕਾਰ ਦਾ ਇਸ ਲੋਕ-ਭਲਾਈ ਸਕੀਮ ਲਈ ਧੰਨਵਾਦ ਵੀ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਫੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੀ ਮੀਟਿੰਗ ਦੌਰਾਨ ਅਹਿਮ ਮਤੇ ਪਾਸ



**ਚੌਕ ਮਹਿਤਾ, 29 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਫੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਵੱਲੋਂ ਸਾਲ 2025 ਨੂੰ ਅਲਵਿਦਾ ਕਹਿੰਦਿਆਂ ਅਤੇ ਸਾਲ 2026 ਨੂੰ ਜੀ ਆਇਆਂ ਕਹਿਣ ਲਈ ਇਕ ਅਹਿਮ ਮੀਟਿੰਗ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਦੀ ਪ੍ਰਧਾਨਗੀ ਹੇਠ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ ਬਾਬਾ ਬਕਾਲਾ ਸਾਹਿਬ ਵਿਖੇ ਕੀਤੀ ਗਈ । ਇਸ ਮੌਕੇ ਐਸੋਸੀਏਸ਼ਨ ਦੇ ਸਲਾਹਕਾਰ ਹਰਜੀਪ੍ਰੀਤ ਸਿੰਘ ਕੰਗ ਅਤੇ ਸਰਕਲ ਮਹਿਤਾ ਦੇ ਪ੍ਰਧਾਨ ਕੈਪਟਨ ਸਿੰਘ ਉਚੇਚੇ ਤੌਰ 'ਤੇ ਪੁੱਜੇ । ਸਭ ਤੋਂ ਪਹਿਲਾਂ ਮੀਤ ਪ੍ਰਧਾਨ ਬਾਬਾ ਸੁਖਵੰਤ ਸਿੰਘ ਚੰਨਣਕੇ ਦੀ ਧਰਮ ਸੁਪਤਨੀ ਬੀਬੀ ਹਰਜਿੰਦਰ ਕੌਰ ਦੀ ਮੌਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੋ ਮਿੰਟ ਦਾ ਮੋਨ ਧਾਰਕੇ ਸ਼ਰਧਾਂਜ਼ਲੀ ਭੇਟ ਕੀਤੀ ਗਈ । ਉਪਰੰਤ ਫੀਲਡ ਪੱਤਰਕਾਰ ਐਸੋਸੀਏਸ਼ਨ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੀਆਂ ਪ੍ਰਾਪਤੀਆਂ ਦਾ ਲੇਖਾ ਜੋਖਾ ਕੀਤਾ ਕੀਤਾ ਗਿਆ ਅਤੇ ਖਜ਼ਾਨਚੀ ਰਣਜੀਤ ਸਿੰਘ ਸੰਧੂ ਵੱਲੋਂ ਪਿਛਲੇ ਸਾਲ ਦਾ ਖਰਚ-ਆਮਦਨ ਦਾ ਵੇਰਵਾ ਦਿੱਤਾ ਗਿਆ । ਇਸ ਮੌਕੇ ਸਾਲ 2026-27 ਲਈ ਨਵੇਂ ਪ੍ਰੋਗਰਾਮ ਉਲੀਕਣ ਤੋਂ ਇਲਾਵਾ ਤਹਿਸੀਲ ਪੱਧਰ ਦਾ "ਮੌਜੂਦਾ ਪੱਤਰਕਾਰਤਾ ਦੇ ਵਿਸ਼ੇ 'ਤੇ ਸੈਮੀਨਾਰ" ਕਰਵਾਉਣ, ਨਵੇਂ ਵਰ੍ਹੇ 2026-27 ਲਈ ਸਮੂਹ ਮੈਂਬਰਾਂ/ਅਹੁਦੇਦਾਰਾਂ ਨੂੰ ਨਵੇਂ ਸ਼ਨਾਖਤੀ ਕਾਰਡ ਜਾਰੀ ਕਰਨ, ਨਵੇਂ ਸਾਲ ਦੇ ਕੈਲੰਡਰ ਅਤੇ ਡਾਇਰੀਆਂ ਜਾਰੀ ਕਰਨ ਸਬੰਧੀ ਵਿਚਾਰਾਂ ਤੋਂ ਇਲਾਵਾ ਫੀਲਡ ਵਿੱਚ ਕੰਮ ਕਰਨ ਵਾਲੇ ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਲਾਂ 'ਤੇ ਵਿਚਾਰਾਂ ਕੀਤੀਆਂ ਗਈਆਂ । ਇਸ ਮੌਕੇ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਸੁਰਿੰਦਰਪਾਲ ਸਿੰਘ ਲੱਡੂ ਨੂੰ ਉਨ੍ਹਾਂ ਦੀ ਧਰਮ ਸੁਪਤਨੀ ਸ੍ਰੀਮਤੀ ਕਮਲੇਸ਼ ਰਾਣੀ ਨੂੰ ਬਿਨਾਂ ਮੁਕਾਬਲੇ ਜ਼ਿਲ੍ਹਾ ਪ੍ਰੀਸ਼ਦ ਦੇ ਮੈਂਬਰ ਚੁਣੇ ਜਾਣ 'ਤੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ । ਨਵੇਂ ਬਣੇ ਮੈਂਬਰ ਹਰਕੰਵਲਜੀਤ ਸਾਹਿਲ (7-ਰੀਵਰ) ਨੂੰ ਜੀ ਆਇਆਂ ਕਿਹਾ ਗਿਆ । ਇਸ ਮੌਕੇ ਇਸ ਮੌਕੇ ਸਰਵਸ੍ਰੀ ਧਰਮਿੰਦਰ ਸਿੰਘ ਭੰਮਰਾ, ਜਗੀਰ ਸਿੰਘ ਸਫਰੀ, ਪਰਮਜੀਤ ਸਿੰਘ ਰੱਖੜਾ, ਅਤਰ ਸਿੰਘ ਤਰਸਿੱਕਾ, ਹਰਜੀਤ ਸਿੰਘ ਬੁਤਾਲਾ, ਗੌਰਵ ਜੋਸ਼ੀ, ਲੱਖਾ ਸਿੰਘ ਅਜ਼ਾਦ, ਬਲਵਿੰਦਰ ਸਿੰਘ ਅਠੌਲ਼ਾ, ਗੁਰਪ੍ਰੀਤ ਸਿੰਘ ਬਾਬਾ ਬਕਾਲਾ ਸਾਹਿਬ, ਹਰਜੀਪ੍ਰੀਤ ਸਿੰਘ ਕੰਗ, ਕੈਪਟਨ ਸਿੰਘ ਮਹਿਤਾ, ਸੁਰਿੰਦਰਪਾਲ ਸਿੰਘ ਲੱਡੂ, ਸੁਖਵਿੰਦਰ ਸਿੰਘ ਚਾਹਲ, ਰਣਜੀਤ ਸਿੰਘ ਸੰਧੂ, ਸੁਸ਼ੀਲ ਅਰੋੜਾ, ਸੁਰਜੀਤ ਸਿੰਘ ਬੁਤਾਲਾ, ਡਾ: ਸਰਬਜੀਤ ਸਿੰਘ ਬਿੱਲਾ, ਅਮਰਜੀਤ ਸਿੰਘ ਬੁੱਟਰ, ਜਸਪਾਲ ਸਿੰਘ ਗੱਗੜਭਾਣਾ, ਕਮਲਪ੍ਰੀਤ ਸਿੰਘ ਹੈਪੀ, ਸਕੱਤਰ ਸਿੰਘ ਪੁਰੇਵਾਲ, ਸੁਖਵਿੰਦਰ ਸਿੰਘ ਗਿੱਲ, ਰਾਜਦੀਪ ਸਿੰਘ ਮਹਿਤਾ, ਗੁਰਮੁੱਖ ਸਿੰਘ ਪੱਡਾ, ਨਿਰਮਲ ਸਿੰਘ ਸੰਘਾ, ਸਤਨਾਮ ਸਿੰਘ ਨੌਂਰੰਗਪੁਰੀ, ਜੱਗਾ ਸਿੰਘ ਖਾਨਪੁਰ, ਅਮਰਵੀਰ ਸਿੰਘ ਅਜ਼ਾਦ, ਹਰਮਨਪ੍ਰੀਤ ਸਿੰਘ ਗਿੱਲ ਆਦਿ ਪੱਤਰਕਾਰ ਹਾਜ਼ਰ ਸਨ ।

## ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕਰਕੇ ਮੁੱਖ ਮੰਤਰੀ ਮਾਨ ਨੇ 3 ਕਰੋੜ ਪੰਜਾਬੀਆਂ ਨੂੰ ਦਿੱਤਾ ਹੈ ਨਵੇਂ ਸਾਲ ਦਾ ਤੋਹਫ਼ਾ : ਆਪ ਆਗੂ



ਧੂਰੀ ( ਰਣਜੀਤ ਸਿੰਘ ਪੇਧਨੀ ) -ਪੰਜਾਬ ਸਰਕਾਰ ਵੱਲੋਂ ਜਿੱਥੇ ਆਏ ਦਿਨ ਲੋਕ ਭਲਾਈ ਯੋਜਨਾਵਾਂ ਤੇ ਪੰਜਾਬ ਹਿੱਤ ਫੈਸਲੇ ਲਏ ਜਾ ਰਹੇ ਹਨ। ਉੱਥੇ ਹੀ ਹੁਣ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕਰਕੇ 3 ਕਰੋੜ ਪੰਜਾਬੀਆਂ ਨੂੰ ਨਵੇਂ ਸਾਲ ਦਾ ਤੋਹਫ਼ਾ ਹੀ ਦੇ ਦਿੱਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਅਮਰੀਕ ਸਿੰਘ ਸੋਹੀ ਚੇਅਰਪਰਸਨ ਵੇਰਕਾ ਮਿਲਕ ਪਲਾਂਟ ਸੰਗਰੂਰ, ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਆਪ ਆਗੂ ਰਮਨਦੀਪ ਸਿੰਘ ਜਵੰਧਾ, ਸਰਪੰਚ ਲਾਲੀ ਬੰਗਾਵਾਲੀ ਆਪ ਆਗੂ ਖਾਨ ਕਹੇਰੂ ਅਤੇ ਆਪ ਆਗੂ ਅਵਤਾਰ ਸਿੰਘ ਭਸੌੜ ਨੇ ਸਾਝੇ ਤੌਰ 'ਤੇ ਕੀਤਾ। ਉਹਨਾਂ ਕਿਹਾ ਕਿਹਾ ਮੁੱਖ ਮੰਤਰੀ ਮਾਨ ਦੀ ਇਸ ਯੋਜਨਾ ਨਾਲ ਪੰਜਾਬ ਦੇ ਹਰੇਕ ਪਰਿਵਾਰ ਲਈ 10 ਲੱਖ ਰੁਪਏ ਦਾ ਨਕਦ ਰਹਿਤ ਇਲਾਜ ਯਕੀਨੀ ਬਣਾਇਆ ਜਾਵੇਗਾ। ਉਹਨਾਂ ਕਿਹਾ ਕਿ ਮੁੱਖ ਮੰਤਰੀ ਮਾਨ ਵੱਲੋਂ ਸਿਹਤ ਯੋਜਨਾ ਸਬੰਧੀ ਲਿਆ ਗਿਆ ਇਹ ਫੈਸਲਾਂ ਸੂਬੇ ਦੇ ਲੋਕਾਂ ਨੂੰ ਇਕ ਵੀ ਪੈਸਾ ਖਰਚੇ ਬਿਨਾਂ ਵਿਆਪਕ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੀ ਦਿਸ਼ਾ ਵੱਲ ਅਹਿਮ ਕਦਮ ਹੈ ਅਤੇ ਲੋਕਾਂ ਨੂੰ 10 ਲੱਖ ਰੁਪਏ ਦਾ ਨਕਦ ਰਹਿਤ ਇਲਾਜ ਯਕੀਨੀ ਬਣਾਉਣ ਪ੍ਰਤੀ ਸਰਕਾਰ ਵੱਲੋਂ ਸ਼ੁਰੂ ਕੀਤੀ ਅਹਿਮ ਪਹਿਲਕਦਮੀ ਹੈ। ਉਹਨਾਂ ਕਿਹਾ ਪੰਜਾਬ ਸਰਕਾਰ ਪ੍ਰਸ਼ੰਸਾ ਦੀ ਲਤਾਰ ਹੈ ਕਿ ਪੰਜਾਬ ਦੇਸ਼ ਦਾ ਪਹਿਲਾ ਅਜਿਹਾ ਸੂਬਾ ਹੈ ਜਿੱਥੇ ਸੂਬੇ ਦੇ ਹਰੇਕ ਪਰਿਵਾਰ ਲਈ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਇਲਾਜ ਯਕੀਨੀ ਬਣਾਇਆ ਗਿਆ।

### ਪਾਵਨ ਸਰੂਪ ਗੁੰਮ, ਜ਼ਿੰਮੇਵਾਰਾਂ ਨੂੰ ਬਚਾਉਣ ਦੀ ਕਵਾਇਦ ਨਾਲ

# ਸ਼੍ਰੋਮਣੀ ਕਮੇਟੀ ਦਾ ਦੋਹਰਾ ਚਿਹਰਾ ਬੇਨਕਾਬ:ਪ੍ਰੋ. ਸਰਚਾਂਦ ਸਿੰਘ ਖਿਆਲਾ

## ☛ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀਆਂ ਸੰਸਥਾਵਾਂ ਦਾ ਸਿਆਸੀ ਅਪਹਰਨ ਕਦੇ ਵੀ ਕਬੂਲਯੋਗ ਨਹੀਂ। ☛ 328 ਪਾਵਨ ਸਰੂਪਾਂ ਦਾ ਮਾਮਲਾ ਨਿਰੋਲ ਮਰਿਆਦਾ ਦਾ ਨਹੀਂ, ਸਗੋਂ ਅਮਾਨਤ ਵਿੱਚ ਖਿਆਨਤ ਅਤੇ ਅਪਰਾਧ ਦਾ ਹੈ। ☛ ਕਾਨੂੰਨ ਨੂੰ ਆਪਣਾ ਕੰਮ ਕਰਨ ਤੋਂ ਰੋਕਣਾ ਪੰਥ ਨਾਲ ਧੋਖਾ ਹੋਵੇਗਾ



**ਅੰਮ੍ਰਿਤਸਰ, 29 ਦਸੰਬਰ (ਆਵਾਜ਼ਿ ਕੌਮ ਬਿਊਰੋ)-** ਸਿੱਖ ਚਿੰਤਕ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਆਏ ਤਾਜ਼ਾ ਆਦੇਸ਼ ’ਤੇ ਗੰਭੀਰ ਮੁੜ-ਵਿਚਾਰ ਦੀ ਲੋੜ ’ਤੇ ਜ਼ੋਰ ਦਿੰਦਿਆਂ ਕਿਹਾ ਹੈ ਕਿ ਇਹ ਕਿਵੇਂ ਪ੍ਰਵਾਨ ਕੀਤਾ ਜਾ ਸਕਦਾ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਪਰਿਸਰ ਵਿੱਚੋਂ ਕੋਈ ਜੇਬ ਕਤਰਾ ਫੜਿਆ ਜਾਂਦਾ ਹੈ ਤਾਂ ਉਸ ਨੂੰ ਤੁਰੰਤ ਪੁਲਿਸ ਦੇ ਹਵਾਲੇ ਕਰ ਦਿੱਤਾ ਜਾਂਦਾ ਹੈ, ਪਰ ਜਦੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪਾਂ ਨਾਲ ਜੁੜੀ ਗੁਰੂ ਕੀ ਗੋਲਕ ਦੀ ਅਮਾਨਤ ਵਿੱਚ ਖਿਆਨਤ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਗੱਲ ਆਉਂਦੀ ਹੈ ਤਾਂ ਉਸ ਨੂੰ ‘ਪੰਥ ਦੋਖੀ’ ਕਰਾਰ ਦੇਣ ਦੀ ਧਮਕੀ ਦਿੱਤੀ ਜਾਂਦੀ ਹੈ ਅਤੇ ਪੰਥਕ ਰਵਾਇਤਾਂ ਦੇ ਨਾਂ ’ਤੇ ਡਰਾਇਆ-ਧਮਕਾਇਆ ਜਾਂਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸਚਾਈ ਸਾਹਮਣੇ ਲਿਆਉਣ ਲਈ ਕਾਨੂੰਨ ਨੂੰ ਆਪਣਾ ਕੰਮ ਕਰਨ ਦਿੱਤਾ ਜਾਣਾ ਚਾਹੀਦਾ ਹੈ। ਨਿਆਂ ਪ੍ਰਣਾਲੀ ਨੂੰ ਧਰਮ ਜਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁਕਾਬਲੇ ਖੜ੍ਹਾ ਕਰਨਾ ਕਿਸੇ ਵੀ ਤਰ੍ਹਾਂ ਪੰਥ ਦੇ ਹਿਤ ਵਿੱਚ ਨਹੀਂ ਹੈ। ਉਨ੍ਹਾਂ ਸਪਸ਼ਟ ਕੀਤਾ ਕਿ 328 ਸਰੂਪਾਂ ਦੇ ਮਾਮਲੇ ਵਿੱਚ ਪਰਚਾ ਸਰਕਾਰ ਦੇ ਕਹਿਣ ’ਤੇ ਨਹੀਂ, ਸਗੋਂ ਮਾਨਯੋਗ ਹਾਈਕੋਰਟ ਵੱਲੋਂ ਮਾਨਹਾਣੀ ਪਟੀਸ਼ਨ ’ਤੇ ਡੀਜੀਪੀ ਨੂੰ 16 ਦਸੰਬਰ ਤੱਕ ਜਵਾਬ ਦੇਣ ਦੇ ਹੁਕਮਾਂ ਤੋਂ ਬਾਅਦ ਹੀ ਦਰਜ ਕੀਤਾ ਗਿਆ ਅਤੇ ਉਸ ਤੋਂ ਬਾਅਦ ਹੀ ਐੱਸਆਈਟੀ ਦੀ ਗਠਿਤ ਹੋਈ।

ਉਨ੍ਹਾਂ ਦੋਸ਼ ਲਗਾਇਆ ਕਿ ਅਕਾਲੀ ਲੀਡਰਸ਼ਿਪ ਨੇ ਬਰਾਸਤਾ ਸ਼੍ਰੋਮਣੀ ਕਮੇਟੀ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਜਥੇਦਾਰੀ ਦਾ ਸਿਆਸੀ ਅਪਹਰਨ ਕਰਕੇ ਉਸ ’ਤੇ ਕਬਜ਼ਾ ਜਮਾ ਲਿਆ ਹੈ। ਅੱਜ ਸ਼੍ਰੋਮਣੀ ਕਮੇਟੀ ਅਤੇ ਜਥੇਦਾਰੀ ਪ੍ਰਣਾਲੀ ਸਿਆਸੀ ਗੁਲਾਮੀ ਹੰਢਾਉਣ ਲਈ ਮਜਬੂਰ ਹਨ। ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਦਾ ਇਹ ਕਹਿਣਾ ਕਿ “ਮੈਨੂੰ ਤਾਂ ਹੁਣ ਪਤਾ ਲੱਗਿਆ ਹੈ ਕਿ ਅਕਾਲ ਤਖ਼ਤ ਦਾ ਹੁਕਮ ਚਾਰ ਦੀਵਾਰੀ ਤੱਕ ਸੀਮਤ ਹੈ” ਇਸ ਸਿਆਸੀ ਦਖ਼ਲਅੰਦਾਜ਼ੀ ਦਾ ਜਿੰਦਾ ਪ੍ਰਮਾਣ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸਿਆਸਤ ਨੇ ਧਰਮ ਦੇ ਸਾਰੇ ਰਸਤੇ ਰੋਕ ਦਿੱਤੇ ਹਨ, ਜਿਸ ਦਾ ਨਤੀਜਾ ਇਹ ਹੈ ਕਿ ਅੱਜ ਸ਼੍ਰੋਮਣੀ ਕਮੇਟੀ ਅੰਦਰ ਕਦਰਾਂ-ਕੀਮਤਾਂ ਦਾ ਭਾਰੀ ਪਤਨ ਆ ਚੁੱਕਾ ਹੈ। ਅਕਾਲੀ ਲੀਡਰਸ਼ਿਪ ਨੂੰ ਚੇਤਾਵਨੀ ਦਿੰਦਿਆਂ ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਕੇਵਲ ਆਪਣੇ ਸਿਆਸੀ ਅਧਿਕਾਰ ਖੇਤਰ ਤੱਕ ਸੀਮਤ ਸਮਝਣ ਦੀ ਭੁੱਲ ਨਾ ਕੀਤੀ ਜਾਵੇ, ਕਿਉਂਕਿ ਇਤਿਹਾਸ ਗਵਾਹ ਹੈ ਕਿ 24 ਸਤੰਬਰ 2015 ਨੂੰ ਰਾਮ ਰਹੀਮ ਨੂੰ ਸਿਆਸੀ ਦਬਾਅ ਹੇਠ ਦਿੱਤੀ ਗਈ ਮਾਫੀ ਨੂੰ ਸਿੱਖ ਸੰਗਤ ਨੇ ਪ੍ਰਵਾਨ ਨਹੀਂ ਕੀਤਾ ਸੀ ਅਤੇ 20 ਦਿਨਾਂ ਦੇ ਅੰਦਰ ਉਹ ਫੈਸਲਾ ਵਾਪਸ ਲੈਣਾ ਪਿਆ।

ਸ਼੍ਰੋਮਣੀ ਕਮੇਟੀ ਅਤੇ ਜਥੇਦਾਰਾਂ ਦੇ ਦੋਹਰੇ ਮਾਪਦੰਡਾਂ ’ਤੇ ਪ੍ਰੋ. ਖਿਆਲਾ ਨੇ ਸਵਾਲ ਉਠਾਇਆ ਕਿ ਜੇ ਸ਼੍ਰੋਮਣੀ ਕਮੇਟੀ ਆਪਣੇ ਅੰਦਰੂਨੀ ਮਾਮਲਿਆਂ ਨੂੰ ਸੁਲਝਾਉਣ ਵਿੱਚ ਪੂਰੀ ਤਰ੍ਹਾਂ ਸਮਰੱਥ ਹੈ ਅਤੇ ਕਾਨੂੰਨੀ ਕਾਰਵਾਈ ਨੂੰ ਗੈਰ-ਵਾਜਿਬ ਕਰਾਰ ਦਿੰਦੀ ਹੈ, ਤਾਂ ਫਿਰ ਇਹ ਵੀ ਸੰਗਤ ਨੂੰ ਦੱਸਿਆ ਜਾਵੇ ਕਿ ਸ੍ਰੀ ਦਰਬਾਰ ਸਾਹਿਬ ਦਾ ਜੰਗਲਾ ਟੱਪ ਕੇ ਕੀਤੀ ਗਈ ਬੇਅਦਬੀ, ਯੋਗਾ ਕਰਨ ਵਾਲੀ ਅਰਚਨਾ ਮਕਵਾਨਾ ਵਿਰੁੱਧ ਮਾਮਲਾ, 328 ਸਰੂਪਾਂ ਦੇ ਮਾਮਲੇ ਵਿੱਚ ਇਨਸਾਫ ਮੰਗਦੇ ਲੋਕਾਂ ਨੂੰ ਕੁੱਟਣ ਤੋਂ ਬਾਅਦ ਪਰਚੇ ਦਰਜ ਕਰਵਾਉਣਾ, ਅਤੇ ਫਰੀਦਕੋਟ ਦੇ ਗੁਰਦੁਆਰਾ ਗੰਗਸਰ ਜੈਤੋ ਵਿੱਚ ਭ੍ਰਿਸ਼ਟਾਚਾਰ ਤੇ ਅਨੈਤਿਕਤਾ ਵਿੱਚ ਫਸੇ ਚਾਰ ਮੁਲਾਜ਼ਮਾਂ ਸਮੇਤ 25 ਤੋਂ ਵੱਧ ਮਾਮਲਿਆਂ ਵਿੱਚ ਪਰਚੇ ਕਿਉਂ ਦਰਜ ਕਰਵਾਏ ਗਏ ?

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਖੁਦ ਰੋਜ਼ਾਨਾ 10 ਤੋਂ 20 ਘਪਲਿਆਂ ਦੇ ਹੋਣ ਦੀ ਗੱਲ ਮੰਨ ਕੇ ਇਕ ਤਰ੍ਹਾਂ ਨਾਲ 328 ਸਰੂਪਾਂ ਦੇ ਮਾਮਲੇ ਵਿੱਚ ਵੀ ਘਪਲੇ ਨੂੰ ਕਬੂਲ ਕਰ ਚੁੱਕੇ ਹਨ। ਭਾਵੇਂ ਸ਼੍ਰੋਮਣੀ ਕਮੇਟੀ ਵੱਲੋਂ ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ 328 ਪਾਵਨ ਸਰੂਪ ਮਰਿਆਦਾ ਅਨੁਸਾਰ ਸੁਭਾਈਮਾਨ ਕੀਤੇ ਜਾ ਚੁੱਕੇ ਹਨ, ਪਰ ਤਤਕਾਲ ਜਾਰੀ ਆਦੇਸ਼ ਵਿੱਚ ਜਥੇਦਾਰ ਵੱਲੋਂ ਪ੍ਰਚਾਰਕਾਂ ਅਤੇ ਇਸ਼ਿਤਹਾਰਾਂ ਰਾਹੀਂ ਕਿਸੇ ਵੀ ਪਾਵਨ ਸਰੂਪ ਬਾਰੇ ਜਾਣਕਾਰੀ ਮਿਲਣ ’ਤੇ ਤੁਰੰਤ ਇਤਲਾਹ ਭੇਜਣ ਦੀ ਹਦਾਇਤ ਸਪਸ਼ਟ ਕਰਦੀ ਹੈ ਕਿ ਇਹ ਸਰੂਪ ਹਕੀਕਤ ਵਿੱਚ ਲਾਪਤਾ ਹਨ, ਜਿਨ੍ਹਾਂ ਬਾਰੇ ਨਾ ਅਕਾਲ ਤਖ਼ਤ ਸਾਹਿਬ ਕੋਲ ਕੋਈ ਰਿਕਾਰਡ ਹੈ ਅਤੇ ਨਾ ਹੀ ਸ਼੍ਰੋਮਣੀ ਕਮੇਟੀ ਕੋਲ।

ਉਨ੍ਹਾਂ ਕਿਹਾ ਕਿ ਇਹ ਮਾਮਲਾ ਨਿਰੋਲ ਧਾਰਮਿਕ ਜਾਂ ਮਰਿਆਦਾ ਦਾ ਨਹੀਂ, ਸਗੋਂ ਅਮਾਨਤ ਵਿੱਚ ਖਿਆਨਤ ਅਤੇ ਅਪਰਾਧ ਦਾ ਹੈ, ਜੋ ਇਸ ਗੱਲ ਨਾਲ ਸਿੱਧ ਹੁੰਦਾ ਹੈ ਕਿ ਸ਼੍ਰੋਮਣੀ ਕਮੇਟੀ ਖੁਦ ਭ੍ਰਿਸ਼ਟਾਚਾਰ ਅਤੇ ਅਣਗਹਿਲੀ ਦੇ ਦੋਸ਼ਾਂ ਹੇਠ ਆਪਣੇ ਮੁਲਾਜ਼ਮਾਂ ਖਿਲਾਫ ਕਾਰਵਾਈ ਕਰ ਚੁੱਕੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਮੌਜੂਦਾ ਨਕਾਰਾਤਮਿਕ ਵਰਤਾਰਾ ਸਿੱਖ ਭਾਵਨਾਵਾਂ ਨੂੰ ਗੰਭੀਰ ਠੇਸ ਪਹੁੰਚਾਉਣ ਵਾਲਾ ਹੈ ਅਤੇ ਸਿੱਖ ਹਿਰਦੇ ਵਲੂੰਧਰੇ ਜਾ ਰਹੇ ਹਨ।

### ਵਿਚਾਰ ਆਪੋ-ਆਪਣਾ

ਪ੍ਰੋ. ਖਿਆਲਾ ਨੇ ਯਾਦ ਦਿਵਾਇਆ ਕਿ ਪੰਜ ਸਿੰਘ ਸਾਹਿਬਾਨਾਂ ਦੇ 24 ਜੁਲਾਈ 2020 ਦੇ ਆਦੇਸ਼ਾਂ ਦੀ ਰੋਸ਼ਨੀ ਵਿਚ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ 27ਅਗਸਤ 2020 ਨੂੰ ਮਤਾ ਨੰਬਰ 466 ਰਾਹੀਂ ਜਾਂਚ ਕਮਿਸ਼ਨ ਦੀ ਰਿਪੋਰਟ ਵਿੱਚ ਦੋਸ਼ੀ ਠਹਿਰਾਏ ਗਏ 16 ਵਿੱਚੋਂ 6 ਵਿਅਕਤੀਆਂ ਖਿਲਾਫ ਅਮਾਨਤ ਵਿੱਚ ਖਿਆਨਤ ਅਤੇ ਨਾ-ਮਾਫ਼ੀਯੋਗ ਅਪਰਾਧਾਂ ਹੇਠ ਫੌਜਦਾਰੀ ਕਾਰਵਾਈ ਕਰਨ ਦਾ ਸਪਸ਼ਟ ਫੈਸਲਾ ਕੀਤਾ ਸੀ, ਜਿਸ ਲਈ ਵਕੀਲਾਂ ਦਾ ਪੈਨਲ ਵੀ ਬਣਾਇਆ ਗਿਆ। ਪਰ ਹਫ਼ਤੇ ਬਾਅਦ ਮਤਾ ਨੰਬਰ 493 ਰਾਹੀਂ ਪੰਜ ਸਿੰਘ ਸਾਹਿਬਾਨਾਂ ਦੇ ਆਦੇਸ਼ਾਂ ਨੂੰ ਅੱਖੋਂ ਪਰੋਖੇ ਕਰਦਿਆਂ ਕੇਵਲ ਵਿਭਾਗੀ ਕਾਰਵਾਈ ਕਰਕੇ ਬੁੱਤਾ ਸਾਰਨ ਦੀ ਕੋਸ਼ਿਸ਼ ਕੀਤੀ ਗਈ ਤੇ ਮਾਮਲਾ ਦਬਾ ਦਿੱਤਾ ਗਿਆ। ਇਹ ਸਭ ਕਿਸ ਦੇ ਦਬਾਅ ਹੇਠ ਕੀਤਾ ਗਿਆ—ਇਸ ਬਾਰੇ ਅੱਜ ਤੱਕ ਕੋਈ ਸਪਸ਼ਟੀਕਰਨ ਨਹੀਂ ਦਿੱਤਾ ਗਿਆ।

328 ਸਰੂਪਾਂ ਦਾ ਮਾਮਲਾ ਮਰਿਆਦਾ ਨਹੀਂ, ਫੌਜਦਾਰੀ ਅਪਰਾਧ ਹੈ। ਕਾਨੂੰਨ ਆਪਣਾ ਕੰਮ ਕਰਨ ਦੇਵੇ। ਅਕਾਲ ਤਖ਼ਤ ਨੂੰ ਸਿਆਸੀ ਹੱਦਾਂ ’ਚ ਕੈਦ ਕਰਨ ਦੀ ਕੋਸ਼ਿਸ਼ ਨਾਕਾਮ ਰਹੇਗੀ। 328 ਪਾਵਨ ਸਰੂਪਾਂ ਦੇ ਮਾਮਲੇ ’ਚ ਸੱਚ ਤੋਂ ਭੱਜਣਾ ਪੰਥ ਨਾਲ ਗ਼ੱਦਾਰੀ ਹੋਵੇਗੀ। ਉਨ੍ਹਾਂ ਅਖੀਰ ਵਿੱਚ ਕਿਹਾ ਕਿ ਜੇ ਸ਼੍ਰੋਮਣੀ ਕਮੇਟੀ ਸਮੇਂ ਸਿਰ ਸੱਚੀ ਅਤੇ ਨਿਰਪੱਖ ਕਾਰਵਾਈ ਕਰ ਲੈਂਦੀ ਤਾਂ ਮਾਮਲਾ ਅੱਜ ਇੱਥੇ ਤੱਕ ਨਾ ਪਹੁੰਚਦਾ। ਜਦੋਂ ਸ਼੍ਰੋਮਣੀ ਕਮੇਟੀ ਉੱਤੇ ਖੁਦ ਕੋਈ ਪਰਚਾ ਦਰਜ ਨਹੀਂ ਹੈ, ਤਾਂ ਫਿਰ ਇਹ ਸਵਾਲ ਪੈਦਾ ਹੁੰਦਾ ਹੈ ਕਿ ਕਮੇਟੀ ਆਖ਼ਿਰ ਕਿਸ ਨੂੰ ਬਚਾਉਣ ਲਈ ਪੱਬਾਂ ਭਾਰ ਹੋ ਰਹੀ ਹੈ ?

# ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਡਵੀਜ਼ਨ ਧੂਰੀ ਦੀ ਮਹਿਨਾਵਾਰ ਮੀਟਿੰਗ ਹੋਈ



**ਧੂਰੀ ( ਰਣਜੀਤ ਸਿੰਘ ਪੇਧਨੀ )-**ਪਾਵਰਕਾਮ ਦੀ ਪ੍ਰਮੁੱਖ ਜਥੇਬੰਦੀ ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਡਵੀਜ਼ਨ ਧੂਰੀ ਦੀ ਮਹਿਨਾਵਾਰ ਮੀਟਿੰਗ ਡਵੀਜ਼ਨ ਧੂਰੀ ਦੇ ਪ੍ਰਧਾਨ ਗੁਰਪਿੰਦਰ ਸਿੰਘ ਕਹੇਰੂ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸਟੇਟ ਕਮੇਟੀ ਦੇ ਆਗੂ ਇੰਜ ਚਰਨਜੀਤ ਸਿੰਘ ਬਾਵਾ ਤੇ ਨਪਿੰਦਰ ਸਿੰਘ ਕਾਂਝਲਾ ਅਤੇ ਸਰਕਲ ਆਗੂ ਜਰਨੈਲ ਸਿੰਘ ਮਾਨਾਂ, ਮਨਜੀਤ ਸਿੰਘ ਲੱਡਾ ਤੇ ਕੁਲਜੀਤ ਸਿੰਘ ਹਾਜ਼ਰ ਸਨ। ਮੀਟਿੰਗ ਵਿੱਚ ਸਟੇਜ ਦੀ ਕਾਰਵਾਈ ਖਜਾਨਚੀ ਜਸਵੀਰ ਕੁਮਾਰ ਸ਼ਰਮਾਂ ਵੱਲੋਂ ਕੀਤੀ ਗਈ ਤੇ ਵੱਖ ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਮੁੱਖ ਏਜੰਡੇ ਫੰਡ ਦਾ ਹਿਸਾਬ ਕਿਤਾਬ ਜਸਵੀਰ ਸ਼ਰਮਾਂ ਵੱਲੋਂ ਦਿੱਤਾ ਗਿਆ ਅਤੇ ਸਵ ਡਵੀਜ਼ਨਾਂ ਵੱਲ ਬਕਾਏ ਫੰਡ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਕੈਲੰਡਰਾਂ ਦੀ ਗਿਣਤੀ ਨੋਟ ਕੀਤੀ ਗਈ ਸਾਥੀਆਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਜਥੇਬੰਦੀ ਦੇ ਵਿਸਤਾਰ ਲਈ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ 1 ਜਨਵਰੀ ਤੋਂ 9 ਜਨਵਰੀ ਤੱਕ ਰੋਜ਼ਾਨਾ 11 ਆਗੂਆਂ ਵੱਲੋਂ(24 ਘੰਟੇ) ਲੜੀਵਾਰ ਭੁੱਖ ਹੜਤਾਲ ਰੱਖ ਕੇ ਰੋਜ਼ਾਨਾ ਰੋਸ਼ ਪ੍ਰਦਰਸ਼ਨ ਕਰਨ ਦਾ ਅਹਿਦ ਲਿਆ ਗਿਆ ਹੈ। ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਸੱਦੇ ਤੇ 21 ਜਨਵਰੀ ਨੂੰ ਪਾਵਰਕਾਮ ਦੇ ਮੁੱਖ ਦਫਤਰ ਪਟਿਆਲਾ ਸਾਹਮਣੇ ਰੋਸ ਧਰਨਾ ਅਤੇ ਸ਼ਹਿਰ ਵਿੱਚ ਝੰਡਾ ਮਾਰਚ ਕਰਕੇ ਮੁਲਾਜ਼ਮਾਂ ਦੀ ਲਾਮਬੰਦੀ ਕਰਨ ਦੇ ਫੈਸਲੇ ਨੂੰ ਰੋਕਣ ਲਈ ਡਵੀਜ਼ਨ ਧੂਰੀ ਵੱਲੋਂ ਵੱਡੇ ਕਾਫਲੇ ਵਿੱਚ ਹਾਜ਼ਰੀ ਯਕੀਨੀ ਬਣਾਉਣ ਲਈ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਸਹਾਇਕ ਲਾਈਨਮੈਨ ਤੋਂ ਲਾਈਨਮੈਨ ਬਣਨ ਵਾਲੇ ਸਾਥੀਆਂ ਨੂੰ ਡਵੀਜ਼ਨ ਧੂਰੀ ਦੀਆਂ ਸਵ ਡਵੀਜ਼ਨਾਂ ਵਿੱਚ ਪੋਸਟਾਂ ਵਧਾ ਕੇ ਇੱਥੇ ਹੀ ਜੁਆਇੰਨ ਕਰਵਾਇਆ ਜਾਵੇ ਅੰਤ ਵਿੱਚ ਡਵੀਜ਼ਨ ਪ੍ਰਧਾਨ ਗੁਰਪਿੰਦਰ ਸਿੰਘ ਕਹੇਰੂ ਵੱਲੋਂ ਮੀਟਿੰਗ ਵਿੱਚ ਪਹੁੰਚੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ। ਮੀਟਿੰਗ ਵਿੱਚ ਸੰਦੀਪ ਸਿੰਘ ਦੀਦਾਰਗੜ੍ਹ, ਮਿੱਠੂ ਸਿੰਘ ਪੇਧਨੀ, ਜਸਪ੍ਰੀਤ ਭੋਜੋਵਾਲੀ, ਲਖਵੀਰ ਚੰਦ, ਸੁਖਜੀਤ ਸਿੰਘ ਭਲਵਾਨ, ਲੱਖੀ ਖੇੜੀ, ਕੁਲਦੀਪ ਸਿੰਘ ਰਾਜੋਮਾਜਰਾ, ਗੁਰਦੀਪ ਸਿੰਘ ਧਾਂਦਰਾ, ਗੁਰਸੇਵਕ ਸਿੰਘ ਆਦਿ ਹਾਜ਼ਰ ਸਨ।

# ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਮੁੰਬਈ ’ਚ ਕਰਵਾਇਆ ਗਿਆ ਵਿਸ਼ੇਸ਼ ਕੀਰਤਨ ਸਮਾਗਮ: ਬੱਲ ਮਲਕੀਤ ਸਿੰਘ



**ਨਵੀਂ ਦਿੱਲੀ 29 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):-** ਦਸਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫ਼ਤਿਹ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਗੁਰੂ ਤੇਗ ਬਹਾਦਰ ਦਰਬਾਰ ਰੌਲੀ ਕੈਂਪ ਪ੍ਰਬੰਧਕ ਕਮੇਟੀ, ਨਵੀਂ ਮੁੰਬਈ ਗੁਰਦੁਆਰਾ ਸੁਪਰੀਮ ਕੌਂਸਲ ਮਹਾਂਰਾਸ਼ਟਰ ਸਿੱਖ ਐਸੋਸੀਏਸ਼ਨ, ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ,11 ਮੈਂਬਰੀ ਸਿੱਖ ਤਾਲਮੇਲ ਕਮੇਟੀ ਮੁੰਬਈ, ਸੇਵਕ ਜੱਥੇ ਅਤੇ ਮੁੰਬਈ ਐਮ.ਐਮ.ਆਰ ਸਿੱਖ ਸੰਗਤ ਦੇ ਸਹਿਯੋਗ ਸਦਕਾ ਗੁਰਦੁਆਰਾ ਤੇਗ ਬਹਾਦਰ ਦਰਬਾਰ ਰੌਲੀ ਕੈਂਪ ਗੁਰੂ ਤੇਗ ਬਹਾਦਰ ਨਗਰ ਮੁੰਬਈ ਵਿਖੇ ਕੀਰਤਨ ਸਮਾਗਮ ਕਰਵਾਇਆ ਗਿਆ। ਸਜਾਏ ਗਏ ਵਿਸ਼ੇਸ਼ ਕੀਰਤਨ ਦਰਬਾਰ ਵਿਚ ਪੰਥ ਪ੍ਰਸਿੱਧ ਕੀਰਤਨੀਏ ਭਾਈ ਬਲਪ੍ਰੀਤ ਸਿੰਘ ਜੀ ਲੁਧਿਆਣੇ ਵਾਲਿਆਂ ਨੇ ਸੰਗਤਾਂ ਨੂੰ ਗੁਰਬਾਣੀ ਰਸ ਨਾਲ ਜੋੜਿਆ। ਇਸ ਮੌਕੇ ਬੱਲ ਮਲਕੀਤ ਸਿੰਘ ਚੇਅਰਮੈਨ ਪ੍ਰਬੰਧਕ ਕਮੇਟੀ ਅਤੇ ਚੇਅਰਮੈਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਅਤੇ ਪ੍ਰਬੰਧਕ ਕਮੇਟੀ ਵੱਲੋਂ ਕੀਰਤਨ ਦਰਬਾਰ ਵਿਚ ਉਚੇਚੇ ਤੌਰ ਤੇ ਹਾਜ਼ਿਰੀ ਭਰਣ ਵਾਲੇ ਮੁੱਖ ਮੰਤਰੀ ਮਹਾਰਾਸ਼ਟਰ ਸ੍ਰੀ ਦੇਵੇਂਦਰ ਫੜਨਵੀਸ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਇਹ ਦਿਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਹਿ ਸਿੰਘ ਜੀ ਦੇ ਸਰਵਉਚ ਬਲੀਦਾਨ ਨੂੰ ਸਮਰਪਿਤ ਹੈ। ਇਸ ਮੌਕੇ ਬੱਲ ਮਲਕੀਤ ਸਿੰਘ ਕਾਰਜਕਾਰੀ ਪ੍ਰਧਾਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ, ਮਹਾਰਾਸ਼ਟਰ ਸਰਕਾਰ ਨੇ ਕਿਹਾ ਕਿ ਇਹ ਸ਼ਹੀਦੀ ਦਿਹਾੜੇ ਸਾਨੂੰ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਿਹ ਸਿੰਘ ਜੀ ਦੀ ਬੇਮਿਸਾਲ ਹਿੰਮਤ ਅਤੇ ਸਰਵਉੱਚ ਕੁਰਬਾਨੀ ਦੀ ਯਾਦ ਦਿਵਾਉਂਦਾ ਹੈ। ਇੰਨੀ ਛੋਟੀ ਉਮਰ ਵਿੱਚ ਵੀ ਧਰਮ ਪ੍ਰਤੀ ਉਨ੍ਹਾਂ ਦੀ ਅਟੁੱਟ ਵਿਸ਼ਵਾਸ ਅਤੇ ਸ਼ਰਧਾ ਹਮੇਸ਼ਾ ਮਨੁੱਖਤਾ ਲਈ ਪ੍ਰੇਰਨਾ ਸਰੋਤ ਰਹੇਗੀ। ਉਨ੍ਹਾਂ ਕਿਹਾ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨਾਲ ਜੁੜੀ ਇਹ ਵਿਰਾਸਤ - ਸਾਨੂੰ ਸੱਚ, ਨਿਆਂ ਅਤੇ ਧਾਰਮਿਕਤਾ ਦੇ ਮਾਰਗ ’ਤੇ ਨਿਡਰਤਾ ਨਾਲ ਚੱਲਣਾ ਸਿਖਾਉਂਦੀ ਹੈ। ਇਨ੍ਹਾਂ ਕਦਰਾਂ-ਕੀਮਤਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ। ਇਸ ਮੌਕੇ ਵਿਧਾਇਕ ਪ੍ਰਸਾਦ ਲਾਡ, ਵਿਧਾਇਕ ਤਾਮਿਲ ਸੇਲਵਾਨ, ਸ੍ਰੀ ਗੁਰੂ ਤੇਗ ਬਹਾਦਰ ਰਾਮੇਸ਼ਵਰ ਨਾਇਕ 350ਵੇਂ ਸ਼ਹੀਦੀ ਸਮਾਗਮ ਕਮੇਟੀ ਦੇ ਪ੍ਰਧਾਨ, ਗੁਰਦੁਆਰਾ ਕਮੇਟੀ ਦੇ ਪ੍ਰਧਾਨ ਦਲਜੀਤ ਸਿੰਘ ਬੱਲ, ਮੈਂਬਰ ਜਸਪਾਲ ਸਿੰਘ ਸਿੱਧੂ, ਹੈਪੀ ਸਿੰਘ, ਗੁਰਦੇਵ ਸਿੰਘ ਸਕੱਤਰ, ਡਾ. ਅਜ਼ੀਜ਼ ਰਾਠੌੜ ਹਾਜ਼ਰ ਸਨ।

# ਕੇਂਦਰ ਸਰਕਾਰ ਨੇ ਮਨਰੇਗਾ ਵਿੱਚ ਬਦਲਾਅ ਕਰਕੇ ਗਰੀਬਾਂ ਦਾ ਰੁਜਗਾਰ ਖੋਹਿਆ: ਚੱਠਾ



**ਧੂਰੀ /ਸੰਗਾਲਾ ( ਰਣਜੀਤ ਸਿੰਘ ਪੇਧਨੀ )-**ਮਨਰੇਗਾ ਵਿੱਚ ਕੀਤੇ ਗਏ ਬਦਲਾਅ ਨੂੰ ਲੈ ਕੇ ਭਾਜਪਾ ਦੀ ਕੇਂਦਰ ਸਰਕਾਰ ’ਤੇ ਤਿੱਖਾ ਹਮਲਾ ਬੋਲਦਿਆਂ ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਸ, ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫ,ਸੀ,ਆਈ ਟਰੈਡ ਯੂਨੀਅਨ ਨੇ ਕਿਹਾ ਕਿ ਭਾਜਪਾ ਦੀ ਕੇਂਦਰ ਸਰਕਾਰ ਮਨਰੇਗਾ ਵਿੱਚ ਬਦਲਾਅ ਕਰਕੇ ਗਰੀਬਾਂ ਦੀ ਰੋਜ਼ੀ-ਰੋਟੀ ਖੋਹਣ ਦੀ ਸਾਜ਼ਿਸ਼ ਕਰ ਰਹੀ ਹੈ। ਸਰਕਾਰ ਨੂੰ ਵੀਬੀ-ਜੀ ਰਾਮ-ਜੀ ਬਿੱਲ ਵਾਪਸ ਲੈਣਾ ਚਾਹੀਦਾ ਹੈ ਅਤੇ ਮਨਰੇਗਾ ਨੂੰ ਮੁੜ ਲਾਗੂ ਕਰਨਾ ਚਾਹੀਦਾ ਹੇ। ਉਨ੍ਹਾਂ ਕਿਹਾ ਕਿ ਇਸ ਬਿੱਲ ਰਾਹੀਂ ਕੇਂਦਰ 100 ਫੀਸਦੀ ਫੰਡਿੰਗ ਤੋਂ ਪਿੱਛੇ ਹਟਦਿਆਂ ਸੂਬਿਆਂ ’ਤੇ 40 ਫੀਸਦੀ ਦਾ ਬੋਝ ਪਾ ਦਿੱਤਾ ਹੈ। ਆਮ ਆਦਮੀ ਪਾਰਟੀ ਮਜ਼ਦੂਰਾਂ ਦੇ ਹੱਕ ਵਿੱਚ ਵੱਡਾ ਸੰਘਰਸ਼ ਕਰੇਗੀ ਅਤੇ ਉਨ੍ਹਾਂ ਦਾ ਰੋਜ਼ਗਾਰ ਨਹੀਂ ਖੋਹਣ ਦੇਵੇਗੀ। ਉਨ੍ਹਾਂ ਕਿਹਾ ਕਿ ਕਿਹਾ ਕਿ ਭਾਜਪਾ ਦੀ ਨਵੀਂ ਮਜ਼ਦਰ ਵਿਰੋਧੀ ਨੀਤੀ ਦੇਸ਼ ਦੇ ਗਰੀਬਾਂ ਦੇ ਮੂੰਹੋਂ ਰੋਟੀ ਖੋਹਣ ਦੀ ਸਾਜ਼ਿਸ਼ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਨੇ ਮਨਰੇਗਾ ਦਾ ਨਾਂ ਬਦਲ ਕੇ ’ਵੀ-ਬੀ-ਜੀ ਰਾਮ-ਜੀ ਐਕਟ’ ਰੱਖ ਦਿੱਤਾ ਹੈ ਅਤੇ ਇਸ ਨਵੇਂ ਨਾਂ ਹੇਠ ਜੋ ਕੁਝ ਕੀਤਾ ਜਾ ਰਿਹਾ ਹੈ ਉਹ ਬੇਹੱਦ ਖ਼ਤਰਨਾਕ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਮਨਰੇਗਾ ਦਾ 100 ਫੀਸਦੀ ਬਜਟ ਕੇਂਦਰ ਸਰਕਾਰ ਦਿੰਦੀ ਸੀ, ਪਰ ਹੁਣ ਇਸ ਨੂੰ 60-40 ਦੇ ਅਨੁਪਾਤ ਵਿੱਚ ਵੰਡ ਦਿੱਤਾ ਗਿਆ ਹੈ। ਹੁਣ 60 ਫੀਸਦੀ ਕੇਂਦਰ ਦੇਵੇਗਾ ਅਤੇ 40 ਫੀਸਦੀ ਸੂਬਿਆਂ ਨੂੰ ਦੇਣਾ ਪਵੇਗਾ। ਉਨ੍ਹਾਂ ਕਿਹਾ ਕਿ ਭਾਜਪਾ ਪਿਛਲੇ 14 ਸਾਲਾਂ ਤੋਂ ਇਸ ਦੇਸ਼ ਦੇ ਧਨਾਢ ਲੋਕਾਂ ਦੇ ਹੱਕ ਵਿੱਚ ਕੰਮ ਕਰ ਰਹੀ ਹੈ ਅਤੇ ਗਰੀਬਾਂ ਦਾ ਗਲਾ ਘੁੱਟ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੋਹ ਦੀਆਂ ਸ਼ਹਾਦਤਾਂ ਨੂੰ ਸਮਰਪਿਤ ਅੰਤਰਰਾਸ਼ਟਰੀ ਕਵੀ ਦਰਬਾਰ

# ਚਰਚੇ ਇਤਿਹਾਸ ਕਰੂਗਾ, ਸਿੱਖਾਂ ਸਰਦਾਰਾਂ ਦੇ












**ਕੈਲਗਰੀ, 29 ਦਸੰਬਰ (ਜਸਵਿੰਦਰ ਸਿੰਘ ਰੁਪਾਲ):**-ਈ ਦੀਵਾਨ ਸੋਸਾਇਟੀ ਕੈਲਗਰੀ ਵਲੋਂ ਪੋਹ ਮਹੀਨੇ ਦੀਆਂ ਸ਼ਹਾਦਤਾਂ ਨੂੰ ਸਮਰਪਿਤ, ਇੱਕ ਅੰਤਰਰਾਸ਼ਟਰੀ ਕਵੀ ਦਰਬਾਰ ਆਯੋਜਿਤ ਕੀਤਾ ਗਿਆ । ਸੋਸਾਇਟੀ ਦੇ ਸੰਸਥਾਪਕ ਸ. ਜਗਬੀਰ ਸਿੰਘ ਨੇ ਸਭ ਨੂੰ ਜੀ ਆਇਆਂ ਆਖਦਿਆਂ, ਇਹਨਾਂ ਦਿਨਾਂ ਦੀ ਕੌਮੀ ਮਹੱਤਤਾ ਦਾ ਜਿਕਰ ਕੀਤਾ। ਅਮਿਤੋਜ ਕੌਰ ਟੋਰਾਂਟੋ ਨੇ ਸ਼ਬਦ "ਕ੍ਰਿਪਾ ਨਿਧਿ ਬਸਹੁ ਹਰਿ ਨੀਤ।।" ਅਤੇ ਬ੍ਰਿਜਮੰਦਰ ਕੌਰ ਜੈਪੁਰ ਨੇ ਸ਼ਬਦ "ਆਦਿ ਗੁਰ ਏ ਨਮਹ।।ਜੁਗਾਦਿ

ਆਵਾਜ਼ਿ ਕੌਮ
AWAZE QAUM
International Newspaper & WEB TV

ਗੁਰ ਏ ਨਮਹ।।" ਸੁਣਾ ਕੇ ਗੁਰਮਤਿ ਵਾਤਾਵਰਣ ਤਿਆਰ ਕੀਤਾ। ਰਚਨਾਵਾਂ ਦੇ ਦੌਰ ਵਿੱਚ, ਜਲੰਧਰ ਤੋਂ ਆਏ ਕੁਲਵਿੰਦਰ ਸਿੰਘ ਗਾਖਲ ਨੇ ਗੀਤ "ਮੇਰੇ ਕਲਗੀਆਂ ਵਾਲੇ ਪ੍ਰੀਤਮ ਜੀ, ਚਮਕੌਰ ਗੜ੍ਹੀ ਵਿੱਚ ਆਏ ਸੀ" ਗਾ ਕੇ ਕਵੀ ਦਰਬਾਰ ਦਾ ਆਗਾਜ਼ ਕੀਤਾ। ਡਾ ਜਗਦੀਪ ਕੌਰ ਮਲੇਰਕੋਟਲਾ ਨੇ ਚਮਕੌਰ ਸਾਹਿਬ ਦਾ ਸਾਕਾ, ਲੰਮੀ ਸਟੇਜੀ ਕਵਿਤਾ ਰਾਹੀਂ ਆਪਣੇ ਅੰਦਾਜ਼ ਵਿੱਚ ਪੇਸ਼ ਕੀਤਾ। ਕਵੀਸ਼ਰੀ ਰੰਗ ਵਿਚ ਟੋਰਾਂਟੋ ਤੋਂ ਪ੍ਰੇਮ ਸਿੰਘ ਅਤੇ ਪਵਿੱਤਰ ਸਿੰਘ ਨੇ "ਔਹ ਵੇਖੋ ਦਸ਼ਮੇਸ਼ ਦੇ ਦੂਲ੍ਹੇ, ਦੇਸ਼ ਤੋਂ ਜਿੰਦ ਘੁਮਾ ਗਏ ਦੋ" ਕਵਿਤਾ ਪੇਸ਼ ਕੀਤੀ। ਮਹਾਨ ਪੰਥਕ ਕਵੀ ਸੁਜਾਨ ਸਿੰਘ ਸੁਜਾਨ ਟੋਰਾਂਟੋ ਜੀ ਨੇ ਚਮਕੌਰ ਦੀ ਜੰਗ ਦੇ ਦ੍ਰਿਸ਼, ਆਪਣੀ ਕਵਿਤਾ ਰਾਹੀਂ ਰੂਪਮਾਨ ਕਰ ਦਿੱਤੇ। ਗੁਰਨਾਮ ਕੌਰ ਕੈਲਗਰੀ ਨੇ "ਦਾਦੀ ਪਈ ਲੋਰੀਆਂ ਦੇਵੇ, ਲਾਲਾਂ ਪਿਆਰਿਆਂ ਨੂੰ" ਸੁਣਾ ਕੇ ਸਾਕਾ ਸਰਹੰਦ ਦੀ ਯਾਦ ਤਾਜ਼ਾ ਕੀਤੀ। ਸਿਆਟਲ ਤੋਂ ਅਵਤਾਰ ਸਿੰਘ ਆਦਮਪੁਰੀ ਨੇ ਗੀਤ "ਕਲਮਾਂ ਕੀ ਲੇਖਾ ਲਿਖਣੈ, ਉਸਦੇ ਉਪਕਾਰਾਂ ਦਾ" ਰਾਹੀਂ ਸਰਬੰਸ ਦਾਨੀ ਗੁਰੂ ਗੋਬਿੰਦ ਸਿੰਘ ਜੀ ਦੇ ਉਪਕਾਰਾਂ ਨੂੰ ਯਾਦ ਕੀਤਾ। ਇਟਲੀ ਤੋਂ ਬਲਕਾਰ ਸਿੰਘ ਬੱਲ ਨੇ ਗੁਰਦੀਸ਼ ਕੌਰ ਗਰੇਵਾਲ ਦਾ ਲਿਖਿਆ ਗੀਤ "ਅਸੀਂ ਕਰੀਏ ਨਾ ਈਨ ਪ੍ਰਵਾਨ ਸੂਬਿਆ" ਗਾ ਕੇ ਛੋਟੇ ਸਾਹਿਬਜ਼ਾਦਿਆਂ ਦੀ ਦਲੇਰੀ ਦਾ ਵਰਨਣ ਕੀਤਾ। ਸੁਖਮਿੰਦਰ ਸਿੰਘ ਗਿੱਲ ਕੈਲਗਰੀ ਨੇ ਸਾਜਾਂ ਨਾਲ ਦੋ ਗੀਤ "ਕੀਤੈ ਸੂਬੇ ਸਾਹਮੇਂ ਪੇਸ਼, ਫੜ ਨਿੱਕੇ ਨਿੱਕੇ ਬਾਲਾਂ ਨੂੰ" ਅਤੇ " ਹੰਝੂਆਂ ਦੇ ਦੀਵੇ ਬਾਲ ਕੇ, ਮੈਂ ਆਰਤੀ ਲਾਲਾਂ ਦੀ ਗਾਵਾਂ" ਹਾਰਮੋਨੀਅਮ ਨਾਲ ਗਾ ਕੇ ਛੋਟੇ ਸਾਹਿਬਜ਼ਾਦਿਆਂ ਨੂੰ ਸਿਜਦਾ ਕੀਤਾ। ਭੋਲਾ ਸਿੰਘ ਚੌਹਾਨ ਕੈਲਗਰੀ






ਨੇ ਕਵੀਸ਼ਰੀ ਅੰਦਾਜ ਵਿਚ ਕਵਿਤਾਂ "ਚਰਚੇ ਇਤਿਹਾਸ ਕਰੂਗਾ, ਸਿੱਖਾਂ ਸਰਦਾਰਾਂ ਦੇ " ਚੜ੍ਹਦੀ ਕਲਾ ਵਿਚ ਸੁਣਾਈ । ਗੁਰਦੀਸ਼ ਕੌਰ ਗਰੇਵਾਲ ਨੇ ਆਪਣੀ ਗ਼ਜ਼ਲ "ਉਹ ਤਾਂ ਵੀ ਨਾ ਡੋਲੀ" ਰਦੀਫ ਨਾਲ ਸੁਣਾ ਕੇ ਮਾਤਾ ਗੁਜਰੀ ਜੀ ਤੇ ਆਏ ਸੰਕਟਾਂ ਵਿਚ ਵੀ ਉਹਨਾਂ ਦੀ ਅਡੋਲਤਾ ਦਾ ਜ਼ਿਕਰ ਖੂਬਸੂਰਤ ਸ਼ਬਦਾਂ ਵਿੱਚ ਕੀਤਾ। ਜਸਵੰਤ ਸਿੰਘ ਸੇਖੋਂ ਕਿਸੇ ਕਾਰਨ ਜੁੜ ਨਹੀਂ ਸਕੇ। ਦਿਲਚਸਪ ਗੱਲ ਇਹ ਸੀ ਕਿ ਇਸ ਕਵੀ ਦਰਬਾਰ ਵਿਚ ਸਾਹਿਬਜ਼ਾਦਿਆਂ ਨੂੰ ਸ਼ਰਧਾਂਜਲੀ ਦੇਣ ਲਈ ਕੁਝ ਬੱਚੇ ਵੀ ਹਾਜਰ ਹੋਏ ਸਨ। 9 ਸਾਲਾਂ ਦੇ ਖਾਲਸਈ ਬਾਣੇ ਚ ਸਜੇ ਸਗਮ ਸਿੰਘ ਅਰੋੜਾ ਨੇ ਆਪਣੇ ਪੜਨਾਨਾ ਜੀ ਦੀ ਲਿਖੀ ਕਵਿਤਾ "ਸਬਰ ਬਨਾਮ ਜਬਰ" ਵਧੀਆ ਪੇਸ਼ਕਾਰੀ ਨਾਲ ਸੁਣਾਈ। ਰਹਿਤਪ੍ਰੀਤ ਕੌਰ ਟੋਰਾਂਟੋ ਨੇ ਬੁਲੰਦ ਅਵਾਜ਼ ਵਿੱਚ "ਸੂਬੇ ਦੇ ਦਰਬਾਰ ਚ ਜਾ ਕੇ, ਗੱਜ ਕੇ ਫਤਹਿ ਬੁਲਾਇਓ" ਸੁਣਾ ਕੇ ਜੋਸ਼ ਭਰ ਦਿੱਤਾ। ਕੋਮਲਪ੍ਰੀਤ ਕੌਰ ਪਟਿਆਲਾ ਨੇ ਇੱਕ ਖੁਲ੍ਹੀ ਕਵਿਤਾਂ "13 ਪੋਹ ਦੀ ਠੰਢੀ ਸਵੇਰ" ਸੁਣਾਈ। ਵਰਨੂਰ ਕੌਰ ਅਤੇ ਸਿਦਕ ਸਿੰਘ ਗਰੇਵਾਲ ਨੇ ਛੋਟੇ ਸਾਹਿਬਜ਼ਾਦਿਆਂ ਤੇ ਕਵਿਤਾਵਾਂ ਆਪਣੇ ਅੰਦਾਜ਼ ਵਿੱਚ ਸੁਣਾਈਆਂ। ਨਿੱਕੀ ਨੂਰ ਕੌਰ ਗਰੇਵਾਲ ਨੇ ਪੰਜਾਬੀ ਪੈਂਤੀ ਨੂੰ ਸਿੱਖੀ ਅੰਦਾਜ਼ ਵਿਚ ਸੁਣਾ ਕੇ ਸਭ ਦਾ ਮਨ ਮੋਹ ਲਿਆ। ਮੋਹਕਮ ਸਿੰਘ ਚੌਹਾਨ ਨੇ ਜਦੋਂ "ਸ਼ਬਦਾਂ ਦੀ ਪਕੜ ਤੋਂ ਪਰ੍ਹੇ ਪਾਤਸ਼ਾਹ" ਕਵਿਤਾ ਸੁਣਾਈ ਤਾਂ ਸਰੋਤਿਆਂ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਅਣਗਿਣਤ ਉਪਕਾਰ ਯਾਦ ਕਰਵਾ ਦਿੱਤੇ। ਡਾ ਕਾਬਲ ਸਿੰਘ ਜੀ ਅਤੇ ਸ. ਮਿਲਖਾ ਸਿੰਘ ਜੀ ਨੇ ਸੋਸਾਇਟੀ ਦੇ ਮੈਗਜ਼ੀਨ "ਸਾਂਝੀ ਵਿਰਾਸਤ" ਦੇ ਫਰਵਰੀ ਮਹੀਨੇ ਦੇ "ਸਿੱਖ ਰਾਜ ਵਿਸ਼ੇਸ਼ ਅੰਕ" ਬਾਰੇ ਜਾਣਕਾਰੀ ਦੇ ਕੇ ਇਸ ਲਈ ਰਚਨਾਵਾਂ ਭੇਜਣ ਲਈ ਆਖਿਆ। ਕਵੀ ਦਰਬਾਰ ਵਿਚ ਮੇਜ਼ਬਾਨ ਦੀ ਸੇਵਾ ਸ੍ਰੀ ਮਤੀ ਗੁਰਦੀਸ਼ ਕੌਰ ਗਰੇਵਾਲ ਅਤੇ ਸ. ਸੁਜਾਨ ਸਿੰਘ ਸੁਜਾਨ ਜੀ ਨੇ ਸਾਂਝੇ ਤੌਰ ਤੇ ਬਾਖੂਬੀ ਨਿਭਾਈ। ਅੰਤ ਤੇ ਡਾ. ਬਲਰਾਜ ਸਿੰਘ ਨੇ ਸਭ ਦਾ ਧੰਨਵਾਦ ਕੀਤਾ। ਸੋਸਾਇਟੀ ਦੀ ਮਰਯਾਦਾ ਮੁਤਾਬਕ ਅਨੰਦ ਸਾਹਿਬ ਦੀਆਂ ਪੰਜ ਪਉੜੀਆਂ, ਅਰਦਾਸ ਅਤੇ ਹੁਕਮਨਾਮੇ ਨਾਲ ਪ੍ਰੋਗਰਾਮ ਦੀ ਸਮਾਪਤੀ ਹੋਈ। ਵਧੇਰੇ ਜਾਣਕਾਰੀ ਲਈ ਡਾ ਬਲਰਾਜ ਸਿੰਘ +1 (403) 978-2419 ਜਾਂ ਗੁਰਦੀਸ਼ ਕੌਰ ਗਰੇਵਾਲ +1 (403) 404-1450 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਡਿਵਾਈਨ ਪਬਲਿਕ ਸਕੂਲ ਫੱਗੂ ਦੇ ਵਿਦਿਆਰਥੀਆਂ ਨੇ

# ਸ਼ਹੀਦੀ ਦਿਵਸ 'ਤੇ ਦੇਸ਼ ਦੇ ਅਮਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ




**ਸਿਰਸਾ, 28 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਡਿਵਾਈਨ ਪਬਲਿਕ ਸਕੂਲ ਫੱਗੂ ਦੇ ਵਿਦਿਆਰਥੀਆਂ ਨੇ ਸ਼ਹੀਦੀ ਦਿਵਸ 'ਤੇ ਦੇਸ਼ ਦੇ ਅਮਰ ਸ਼ਹੀਦਾਂ ਨੂੰ ਦਿਲੋਂ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ 'ਤੇ ਵਿਦਿਆਰਥੀਆਂ ਨੇ ਗੁਰੂ ਗੋਬਿੰਦ ਸਿੰਘ ਜੀ ਅਤੇ ਸਾਹਿਬਜ਼ਾਦਿਆਂ ਦੇ ਕੁਰਬਾਨੀ, ਸਮਰਪਣ ਅਤੇ ਧਰਮ, ਸੱਚ ਅਤੇ ਮਨੁੱਖਤਾ ਦੀ ਰੱਖਿਆ ਦੇ ਉੱਤਮ ਆਦਰਸ਼ਾਂ 'ਤੇ ਅਧਾਰਿਤ ਪ੍ਰੇਰਨਾਦਾਇਕ ਭਾਸ਼ਣ ਪੇਸ਼ ਕੀਤੇ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਗੁਰਦੁਆਰਾ ਸਾਹਿਬ ਦੇ ਦਰਸ਼ਨ ਕੀਤੇ ਅਤੇ ਗੁਰੂ ਸਾਹਿਬ ਅਤੇ ਸਾਹਿਬਜ਼ਾਦਿਆਂ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ, ਸੱਚ, ਸੇਵਾ, ਕੁਰਬਾਨੀ ਅਤੇ ਸਮਰਪਣ ਵਰਗੇ ਉੱਚ ਨੈਤਿਕ ਮੁੱਲਾਂ ਨੂੰ ਅਪਣਾਉਣ ਦਾ ਪ੍ਰਣ ਲਿਆ। ਇਹ ਸਮਾਗਮ ਸਕੂਲ ਦੇ ਮਾਣਯੋਗ ਚੇਅਰਪਰਸਨ ਸ਼੍ਰੀ ਦੀਪਕ ਗਾਬਾ ਅਤੇ ਸ਼੍ਰੀਮਤੀ ਮਨੀ ਗਾਬਾ ਦੀ ਅਗਵਾਈ ਅਤੇ ਸਕੂਲ ਦੇ ਮਾਣਯੋਗ ਪ੍ਰਿੰਸੀਪਲ ਸ਼੍ਰੀਮਤੀ ਸੁਮਿਤ ਬਾਲਾ ਦੀ ਯੋਗ ਅਗਵਾਈ ਹੇਠ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV




## ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਦੀ ਸ਼ਹਾਦਤ ਨੂੰ ਸਮਰਪਿਤ

# ਅੱਡਾ ਭੋਏ ਦੇ ਲੰਗਰ ਹਾਲ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਲੰਗਰ ਲਗਾਏ ਗਏ





**ਚੌਕ ਮਹਿਤਾ, 29 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਦੀ ਰਹਿਨੁਮਾਈ ਹੇਠ ਅੱਡਾ ਭੋਏ ਦੇ ਲੰਗਰ ਹਾਲ ਵਿੱਚ ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਲੰਗਰ ਹਾਲ ਦੇ ਸੇਵਾਦਾਰ ਭਾਈ ਨਰਿੰਦਰ ਸਿੰਘ ਜੀ ਭੋਏ ਅਤੇ ਹੋਰ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਸੰਤ ਬਾਬਾ ਸੱਜਣ ਸਿੰਘ ਜੀ ਨੂੰ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਭਾਈ ਨਰਿੰਦਰ ਸਿੰਘ ਬਾਠ ਹੁਣਾਂ ਦੱਸਿਆ ਗਿਆ ਇਹ ਲੰਗਰ ਪਿਛਲੇ 40 ਸਾਲ ਤੋਂ ਪਿੰਡ ਭੋਏ ਦੀ ਸੰਗਤ ਅਤੇ ਐਨ.ਆਰ.ਆਈ ਵੀਰਾਂ ਦੇ ਸਹਿਯੋਗ ਨਾਲ ਲਗਾਇਆ ਜਾਂਦਾ ਹੈ। ਇਸ ਮੌਕੇ ਰਣਜੀਤ ਸਿੰਘ ਬਾਬੋਵਾਲ ਬਲਹਾਰ ਸਿੰਘ, ਸਾਬਕਾ ਸਰਪੰਚ ਕੁਲਵੰਤ ਸਿੰਘ, ਨਰਿੰਦਰ ਸਿੰਘ ਭੋਏ ,ਕੈਪਟਨ ਜਗੀਰ ਸਿੰਘ, ਗੁਰਦਿਆਲ ਸਿੰਘ, ਨਿਸ਼ਾਨ ਸਿੰਘ, ਮਹਿੰਗਾ ਸਿੰਘ ,ਬਲਜੀਤ ਸਿੰਘ ਕੈਸ਼ੀਅਰ, ਪਰਮਜੀਤ ਸਿੰਘ, ਸਰਨਜੀਤ ਸਿੰਘ ਦੁਬਈ, ਆਕਾਸ ਸਿੰਘ, ਸੇਵਾ ਸਿੰਘ ਸਾਬਕਾ ਮੈਂਬਰ ਪੰਚਾਇਤ, ਸੁੱਚਾ ਸਿੰਘ, ਬਘੇਲ ਸਿੰਘ, ਸੱਤਾ ਸਿੰਘ ਛਿੰਦਾ ਸਿੰਘ, ਸਨੀ ਡਰਾਈਵਰ ,ਲਾਡਾ ਸਿੰਘ ਦੁਬਈ ,ਦਲਬਾਗ ਸਿੰਘ ਜਰਮਨੀ, ਮੰਗਲ ਸਿੰਘ, ਬਲਬੀਰ ਸਿੰਘ, ਰਾਜੂ ਟੈਂਕੀ ਵਾਲਾ ,ਮੰਗਾ ਸਿੰਘ ,ਨਰਿੰਦਰ ਸਿੰਘ ,ਛੁਮਣ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਰੋਟਰੀ ਕਲੱਬ ਫ਼ਿਰੋਜ਼ਪੁਰ ਸਿਟੀ ਨੇ ਕੁਸ਼ਟ ਆਸ਼ਰਮ ਦੇ ਬਸ਼ਿੰਦਿਆਂ ਨੂੰ ਵੰਡੀਆਂ ਗਰਮ ਜਰਸੀਆਂ



ਫ਼ਿਰੋਜ਼ਪੁਰ, 29 ਦਸੰਬਰ (ਮਨੋਹਰ ਲਾਲ) :— ਕੌਮਾਂਤਰੀ ਪੰਧਰ ਦੀ ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਫਿਰੋਜ਼ਪੁਰ ਸਿਟੀ ਵੱਲੋਂ ਅੱਜ ਸਰਦੀ ਦੇ ਮੌਸਮ ਨੂੰ ਦੇਖਦੇ ਹੋਏ ਕੁਸਟ ਆਸ਼ਰਮ ਫਿਰੋਜ਼ਪੁਰ ਵਿੱਚ ਰਹਿੰਦੇ ਪਰਿਵਾਰਾਂ ਦੇ ਲੋੜਵੰਦ ਸਕੂਲੀ ਬੱਚਿਆਂ ਨੂੰ ਗਰਮ ਜਰਸੀਆਂ ਵੰਡੀਆਂ ਗਈਆਂ। ਇਸ ਮੌਕੇ ਰੋਟਰੀ ਕਲੱਬ ਫਿਰੋਜਪੁਰ ਸਿਟੀ ਦੇ ਪ੍ਰਧਾਨ ਰੋਟੇਰੀਅਨ ਅਸ਼ੋਕ ਸ਼ਰਮਾ ਰੋਟਰੀ ਇੰਟਰਨੈਸ਼ਨਲ ਦੀ ਅਸਿਸਟੈਂਟ ਗਵਰਨਰ ਰੋਟੇਰੀਅਨ ਵਿਜੇ ਮੌਂਗਾ ਅਤੇ ਪ੍ਰੋਜੈਕਟ ਚੇਅਰਮੈਨ ਰੋਟੇਰੀਅਨ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਅੱਜ ਕੱਲ ਸਕੂਲ ਬੰਦ ਹਨ ਜਦੋਂ ਸਕੂਲ ਖੁੱਲਣਗੇ ਤਾਂ ਅਸੀਂ ਵੱਖ—ਵੱਖ ਬਸਤੀਆਂ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਪਹੁੰਚ ਕਰਕੇ ਲੋੜਵੰਦ ਬੱਚਿਆਂ ਨੂੰ ਗਰਮ ਜਰਸੀਆਂ ਦਿੱਤੀ ਜਾਣਗੀਆਂ ਅਤੇ ਜਲਦ ਹੀ ਇਸ ਪ੍ਰੋਜੈਕਟ ਨੂੰ ਨੇਪਰੇ ਚਾੜਿਆ ਜਾਏਗਾ। ਇਸ ਤੋਂ ਬਾਅਦ ਕੁਸ਼ਟ ਆਸ਼ਰਮ ਵਿੱਚ ਰਹਿੰਦੇ ਲੋਕਾਂ ਨੂੰ ਵੱਖ—ਵੱਖ ਮੈਂਬਰਾਂ ਦੁਆਰਾ ਇਕੱਠੇ ਕੀਤੇ ਪੁਰਾਣੇ ਗਰਮ ਕੱਪੜੇ ਵੀ ਵੰਡੇ ਗਏ। ਇਸ ਜਰਸੀ ਵੰਡ ਦੌਰਾਨ ਰੋਟਰੀ ਕਲੱਬ ਫਿਰੋਜ਼ਪੁਰ ਸਿਟੀ ਦੇ ਕੈਸ਼ੀਅਰ ਸੁਖਵਿੰਦਰ ਸਿੰਘ ਪਰੈਟੀ ਤੋਂ ਇਲਾਵਾ ਨਰਿੰਦਰ ਕੱਕੜ, ਪ੍ਰਮੋਦ ਕਪੂਰ, ਸੋਹਨ ਲਾਲ, ਵਿਜੇ ਧਵਨ, ਪ੍ਰੇਮ ਧਵਨ, ਸੁਰਿੰਦਰ ਨਾਰੰਗ, ਤਜਿੰਦਰ ਸਿੰਘ ਲੱਕੀ ਵੀ ਮੌਜੂਦ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਇੰਡੀਅਨ ਸੋਸ਼ਲ ਵੈਲਫੇਅਰ ਸੁਸਾਇਟੀ ਨੇ ਵਹੀਕਲਾਂ ਪਰ ਲਗਾਏ ਰਿਫਲੈਕਟਰ



ਫ਼ਿਰੋਜ਼ਪੁਰ, 29 ਦਸੰਬਰ (ਮਨੋਹਰ ਲਾਲ) :— ਇੰਡੀਅਨ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਟ੍ਰੈਫਿਕ ਪੁਲਿਸ ਦੇ ਸਹਿਯੋਗ ਨਾਲ ਵਹੀਕਲਾਂ ਅਤੇ ਟਰੈਕਟਰ ਟਰਾਲੀਆਂ ਤੇ ਰਿਫਲੈਕਟਰ ਲਗਾਉਣ ਦਾ ਕੈਂਪ ਲਗਾਇਆ ਗਿਆ। ਇਸ ਮੌਕੇ ਤੇ ਟ੍ਰੈਫਿਕ ਜ਼ਿਲਾ ਇੰਚਾਰਜ ਜਸਵਿੰਦਰ ਸਿੰਘ ਐਸ.ਐਚ.ਓ, ਸੁਖਵਿੰਦਰ ਸ਼ਰਮਾ ਏ.ਐਸ.ਆਈ, ਬਚਿਤਰ ਸਿੰਘ ਏ.ਐਸ.ਆਈ ਅਤੇ ਹੋਰ ਮੁਲਾਜ਼ਮ ਹਾਜ਼ਰ ਸਨ। ਸੁਸਾਇਟੀ ਦੇ ਪ੍ਰੋਜੈਕਟ ਇੰਚਾਰਜ ਹਰਜੀਤ ਸਿੰਘ ਨੇ ਦੱਸਿਆ ਕਿ ਹਰ ਸਾਲ ਲਗਭਗ 500 ਰਿਫਲੈਕਟਰ ਲਗਾਏ ਜਾਂਦੇ ਹਨ ਤਾਂ ਕਿ ਧੁੰਦ ਦੇ ਸਮੇਂ ਕੋਈ ਵਹੀਕਲ ਬਿਨਾਂ ਲਾਈਟ ਜਾ ਰਿਹਾ ਹੋਵੇ ਤਾਂ ਐਕਸੀਡੈਂਟ ਹੋਣ ਦਾ ਖ਼ਤਰਾ ਹੁੰਦਾ ਹੈ ਅਤੇ ਰਿਫਲੈਕਟਰ ਲੱਗੇ ਹੋਣ ਤਾਂ ਬਚਾਉ ਹੋ ਸਕਦਾ ਹੈ। ਗੱਲਬਾਤ ਕਰਦਿਆਂ ਜਸਵਿੰਦਰ ਸਿੰਘ ਐਸ.ਐਚ.ਓ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਰਾਤ ਦੇ ਹਨੇਰੇ ਜਾਂ ਧੂੰਦ ਸਮੇਂ ਵਹੀਕਲ ਦੀ ਸਪੀਡ ਘੱਟ ਰੱਖਣੀ ਚਾਹੀਦੀ ਹੈ ਅਤੇ ਵਹੀਕਲਾਂ ਤੇ ਉਚੀ ਅਵਾਜ਼ ਵਿਚ ਸਾਊਂਡ ਸਿਸਟਮ ਨਹੀਂ ਲਗਾਉਣਾ ਚਾਹੀਦਾ। ਇਸ ਮੌਕੇ ਸੋਸਾਇਟੀ ਦੇ ਹਰਜੀਤ ਸਿੰਘ, ਵਾਈਸ ਪ੍ਰਧਾਨ ਯਸ਼ ਪਾਲ ਸ਼ਰਮਾ, ਸਰਪੰਚ ਜਰਨੈਲ ਸਿੰਘ, ਸੈਕਟਰੀ ਗੁਰਪ੍ਰੀਤ ਸਿੰਘ, ਦਪੀਂਦਰ ਸਿੰਘ, ਹਰਪ੍ਰੀਤ ਸਿੰਘ ਅਤੇ ਰਕੇਸ਼ ਕੁਮਾਰ ਪਟਵਾਰੀ ਪਟਰੋਲ ਪੰਪ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜੰਡਿਆਲਾ ਗੁਰੂ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੇ ਬਾਬਾ ਮੋਤੀ ਰਾਮ ਮਹਿਰਾ ਜੀ ਦੀ ਸਹਾਦਤ ਨੂੰ ਸਮਰਪਿਤ ਦੁੱਧ ਦਾ ਲੰਗਰ ਲਗਾਇਆ

**ਜੰਡਿਆਲਾ ਗੁਰੂ , 29 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਸਰਬੰਸਦਾਨੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਲਖਤੇ ਜਿਗਰ, ਬਾਬਾ ਅਜੀਤ ਸਿੰਘ ਜੀ, ਬਾਬਾ ਜੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਅਤੇ ਬੇਅੰਤ ਸਿੰਘ, ਸਿੰਘਣੀਆਂ ਜਿਨਾਂ ਨੇ ਜੰਗ ਦੇ ਮੈਦਾਨ ਵਿੱਚ ਸ਼ਹੀਦੀ ਪ੍ਰਾਪਤ ਕੀਤੀ ਅਤੇ ਬਾਬਾ ਮੋਤੀ ਰਾਮ ਮਹਿਰਾ ਦੀ ਕੁਰਬਾਨੀ ਦੀ ਯਾਦ ਵਿੱਚ ਅਤੇ ਚੱਲ ਰਹੇ ਸ਼ਹੀਦੀ ਦਿਹਾੜਿਆਂ ਨੂੰ





ਸਮਰਪਿਤ ਅੱਜ ਜੰਡਿਆਲਾ ਗੁਰੂ ਵਿਖੇ ਸਮੂਹ ਪੱਤਰਕਾਰ ਭਾਈਚਾਰੇ ਨੇ ਆਪਣੇ ਸਾਥੀਆਂ ਸਮੇਤ ਦੁੱਧ ਦਾ ਲੰਗਰ ਸਹੀਦ ਊਧਮ ਸਿੰਘ ਚੌਂਕ ਵਿੱਚ ਲਗਾਇਆ ।ਇਸ ਮੌਕੇ ਤੇ ਸੁਖਜਿੰਦਰ ਸਿੰਘ ਸੋਨੂੰ, ਕੰਵਲਜੀਤ ਸਿੰਘ ਲਾਡੀ, ਡਾਂ ਅਸ਼ਵਨੀ ਸ਼ਰਮਾ, ਪ੍ਰਧਾਨ ਹਰਜਿੰਦਰ ਸਿੰਘ ਕਲੇਰ, ਗੁਰਪ੍ਰੀਤ ਸਿੰਘ ਚੰਦੀ, ਪਰਮਜੀਤ ਸਿੰਘ ਪੰਮਾ, ਰੋਕੀ ਜੈਨ , ਸਿਕੰਦਰ ਸਿੰਘ ,ਮੰਗਲਦੀਪ ਸਿੰਘ, ਸਿਮਰਤਪਾਲ ਸਿੰਘ ਬੇਦੀ ,ਅੰਮ੍ਰਿਤਪਾਲ ਸਿੰਘ ਬੇਦੀ, ਗੁਰਪ੍ਰੀਤ ਸਿੰਘ ਚੰਦੀ ,ਲਾਟ ਸਿੰਘ ਭੱਟੀ, ਉਂਕਾਰ ਸਿੰਘ ਕਾਰੀ ,ਕਲਵਿੰਦਰ ਸਿੰਘ, ਅਮਰਦੀਪ ਸਿੰਘ ਗੁਨੋਵਾਲ , ਆਦਿ ਵੱਲੋਂ ਸੇਵਾ ਨਿਭਾ ਕਿ ਆਪਣੀ ਹਾਜ਼ਰੀ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਲਗਵਾਈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਾਹਿਬਜਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ

# ਗੁਰਦੁਆਰਾ ਜੋਤੀਸਰ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ



**ਜੰਡਿਆਲਾ ਗੁਰੂ, 29 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਦਸਮੇਸ ਪਿਤਾ ਸਰਬੰਦਾਨੀ ਸਾਹਿਬੇ ਕਮਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਤੇ ਰੰਗਰੇਟੇ ਗੁਰੂ ਕਿ ਬੇਟੇ ਬਾਬਾ ਜੀਵਨ ਸਿੰਘ ਜੀ ਤੇ ਪੋਹ ਮਹੀਨੇ ਦੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਿਤ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਸਾਹਿਬ ਜੰਡਿਆਲਾ ਗੁਰੂ ਵਿਖੇ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਵੱਲੋਂ ਸਮੂਹ ਇਲਾਕਾ ਨਿਵਾਸੀ ਅਤੇ ਦੇਸ ਵਿਦੇਸ ਵਿੱਚ ਵੱਸਦੀਆਂ ਗੁਰੂ ਨਾਨਕ ਲੇਵਾ ਸੰਗਤਾਂ ਦੇ ਸਹਿਯੋਗ ਸਦਕਾ ਗੁਰਮਤਿ ਸਮਾਗਮ ਕਰਵਾਇਆ ਗਿਆ !ਇਸ ਸਮਾਗਮ ਦੀ ਜਾਣਕਾਰੀ ਸਾਂਝੀ ਕਰਦਿਆ ਹੋਇਆ ਬਾਬਾ ਸੁੱਖਾ ਸਿੰਘ ਜੀ ਨੇ ਦੱਸਿਆ ਕਿ ਐਤਵਾਰ 28 ਦਸੰਬਰ ਨੂੰ ਦੁਪਹਿਰ 12 ਵਜੇ ਚੌਪਹਿਰਾ ਸਾਹਿਬ ਜੀ ਦੀਆਂ ਬਾਣੀਆਂ ਸਰਵਨ ਕੀਤੀਆਂ ਗਈਆਂ ਅਤੇ ਉਪਰੰਤ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਗਏ ਅਤੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਸੰਗਤਾਂ ਵੱਲੋਂ ਅਤੇ ਬੀਬੀਆਂ ਦੇ ਜਥੇ ਵੱਲੋਂ ਧੁਰ ਕੀ ਬਾਣੀ ਦੇ ਸਬਦ ਸਰਵਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਉਪਰੰਤ ਸਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਬਲਰਾਜ ਸਿੰਘ ਵੱਲੋਂ ਹਰਜੱਸ ਕੀਰਤਨ ਦੀਆਂ ਹਾਜਰੀਆਂ ਭਰ ਕਿ ਸੰਗਤਾਂ ਨੂੰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਜਾਦਿਆਂ ਤੇ ਮਾਤਾ ਗੁਜਰ ਕੌਰ ਜੀ ਦੀ ਸ਼ਹੀਦੀ ਬਾਰੇ ਸੰਗਤਾਂ ਨਾਲ ਸਾਂਝ ਪਾਈ ਗਈ ਉਪਰੰਤ ਸੰਤ ਬਾਬਾ ਗੁਰਦੀਪ ਸਿੰਘ ਖਜਾਲੇ ਵਾਲਿਆਂ ਵੱਲੋਂ ਜਥੇ ਸਮੇਤ ਹਾਜਰੀ ਭਰਕੇ ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰੀਵਾਰ ਦੀਆਂ ਸਹਾਦਤਾਂ ਤੋਂ ਜਾਣੂੰ ਕਰਵਾਉਂਦਿਆਂ ਹੋਇਆ ਧਾਰਨਾਂ ਰਾਹੀਂ ਸੰਗਤਾਂ ਨੂੰ ਨਿੱਕੀਆਂ ਜਿੰਦਾਂ ਵੱਡੇ ਸਾਕੇ ਕਮਾਉਦਿਆਂ ਹੋਇਆਂ ਛੋਟੇ ਸਾਹਿਬਜ਼ਾਦਿਆਂ ਵੱਲੋਂ ਹੱਸ ਹੱਸ ਕਿ ਨੀਹਾਂ ਵਿੱਚ ਖੜ੍ਹ ਕਿ ਆਪਣਾ ਆਪ ਕੁਰਬਾਨ ਕਰਕੇ ਸਾਨੂੰ ਜੀਵਨ ਦਿੱਤਾ ਅਤੇ ਪੁਰਬ ਨੂੰ ਸਮਰਪਿਤ ਧਾਰਨਾਂ ਗਾਇਨ ਕਰਕੇ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਸਾਰਾ ਪ੍ਰੀਵਾਰ ਵਾਰ ਕਿ ਕੰਡਿਆਂ ਦੀ ਸੇਜ ਤੇ ਸੌਂ ਕਿ ਵੀ ਪ੍ਰਮਾਤਮਾ ਨੂੰ ਉਲਾਂਭਾ ਨਹੀਂ ਦਿੱਤਾ ਮਿਤਰ ਕਹਿ ਕਿ ਸੰਬੋਧਨ ਕੀਤਾ ਇਹ ਸਭ ਇਤਿਹਾਸ ਸੁਣਾ ਕਿ ਸੰਗਤਾਂ ਦੀਆਂ ਅੱਖਾਂ ਨਮ ਕਰ ਦਿੱਤੀਆਂ !ਉਪਰੰਤ ਸਮਾਪਤੀ ਤੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਪੁਰਬ ਨੂੰ ਸਮਰਪਿਤ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਬੇਨਤੀ ਕੀਤੀ ਹੁਕਮਨਾਮੇ ਤੋਂ ਉਪਰੰਤ ਸੰਗਤਾਂ ਨੂੰ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ ਅਤੇ ਆਈਆਂ ਸੰਗਤਾਂ ਨੂੰ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ !ਅਤੇ ਸੰਗਤਾਂ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਤੇ ਸਿਰਪਾਓ ਪਾਕਿ ਅਤੇ ਯਾਦਗਾਰ ਚਿੰਨ੍ਹ ਦੇ ਕਿ ਸਨਮਾਨਿਤ ਕੀਤਾ !ਆਖਰ ਵਿੱਚ ਬਾਬਾ ਸੁੱਖਾ ਸਿੰਘ ਵੱਲੋਂ ਸਮੂਹ ਸੰਗਤਾਂ ਦਾ ਤਨ ਮਨ ਧਨ ਨਾਲ ਸੇਵਾ ਨਿਭਾਉਣ ਤੇ ਜੀ ਆਇਆ ਆਖਿਆ ਅਤੇ ਧੰਨਵਾਦ ਕੀਤਾ।

### ਅਖੰਡ ਕੀਰਤਨੀ ਜੱਥਾ ਟੋਰਾਂਟੋ ਵਲੋਂ ਚਾਰ ਸਾਹਿਬਜਾਦਿਆਂ, ਮਾਤਾ ਗੁੱਜਰ ਕੌਰ ਜੀ ਅਤੇ

# ਸਮੂਹ ਸਿੰਘ ਸਿੰਘਣੀਆਂ ਦੀ ਸ਼ਹਾਦਤ ਨੂੰ ਸਮਰਪਿਤ ਸਾਲਾਨਾ ਅਖੰਡ ਸਮਾਗਮ

ਨਵੀਂ ਦਿੱਲੀ 29 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਅਖੰਡ ਕੀਰਤਨੀ ਜੱਥਾ ਟੋਰਾਂਟੋ ਵਲੋਂ ਦਸਮ ਪਾਤਸ਼ਾਹ ਜੀ ਦੇ ਲਖਤੇ ਜਿਗਰ ਚਾਰ ਸਾਹਿਬਜਾਦਿਆਂ, ਮਾਤਾ ਗੁੱਜਰ ਕੌਰ ਜੀ ਅਤੇ ਸਮੂਹ ਸਿੰਘ ਸਿੰਘਣੀਆਂ ਦੀ ਸ਼ਹਾਦਤ ਨੂੰ ਸਮਰਪਿਤ ਹਰ ਸਾਲ ਯਾਦਗਾਰੀ ਅਖੰਡ ਕੀਰਤਨ ਸਮਾਗਮ ਕਰਵਾਏ ਜਾਂਦੇ ਹਨ ਜੋ ਕਿ ਇਸ ਵਾਰ ਵੀਂ ਚੜ੍ਹਦੀਕਲਾ ਨਾਲ ਸੰਪੂਰਨ ਹੋਏ । ਸਮਾਗਮ ਦੀ ਸ਼ੁਰੂਆਤ ਭਾਈ ਜਸਵੰਤ ਸਿੰਘ ਖਾਲੜਾ ਸਕੂਲ ਵਿਖ਼ੇ ਅਖੰਡ ਪਾਠ ਸਾਹਿਬ ਨਾਲ ਕੀਤੀ ਗਈ ਜਿਨ੍ਹਾਂ ਦੇ ਭੋਗ ਉਪਰੰਤ ਡਿਕਸੀ ਗੁਰਦੁਆਰਾ ਸਾਹਿਬ, ਦਸ਼ਮੇਸ਼ ਦਰਬਾਰ ਗੁਰਦੁਆਰਾ ਸਾਹਿਬ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਲਟਨ ਵਿਖ਼ੇ ਸਵੇਰ ਸ਼ਾਮ ਦੇ ਦੀਵਾਨ ਸਜਾਏ ਗਏ ਸਨ ਤੇ ਬੀਤੇ ਸ਼ਨੀਵਾਰ ਨੂੰ ਕੀਰਤਨ ਰੈਣ ਸਬਾਈ ਹੋਏ ਸਨ । ਸਮਾਗਮ ਵਿਚ ਦੇਸ਼ ਵਿਦੇਸ਼ ਤੋਂ ਸੰਗਤਾਂ ਨੇ ਹਾਜ਼ਿਰੀ ਭਰ ਕੇ ਗੁਰਬਾਣੀ ਨਾਲ ਜੁੜ ਕੇ ਲਾਹਾ ਪ੍ਰਾਪਤ ਕੀਤਾ ਜਿਸ ਵਿਚ ਭਾਈ ਹਰਪ੍ਰੀਤ ਸਿੰਘ ਟੋਰਾਂਟੋ, ਭਾਈ ਜਸਦੀਪ ਸਿੰਘ, ਭਾਈ ਜਗਜੀਤ ਸਿੰਘ ਯੂਐਸਏ ਸਮੇਤ ਵਡੀ ਗਿਣਤੀ ਅੰਦਰ ਕੀਰਤਨੀਏ ਸਿੰਘ ਸਿੰਘਣੀਆਂ ਨੇ ਹਾਜ਼ਿਰੀ ਭਰੀ ਸੀ । ਜਿਕਰਯੋਗ ਹੈ ਕਿ ਅਖੰਡ ਕੀਰਤਨੀ ਜੱਥੇ ਦੇ ਬਾਨੀ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਨੇ ਅਨੇਕਾਂ ਲਿਖਤਾਂ ਰਾਹੀਂ ਮਨੁੱਖ ਨੂੰ ਜੀਵਨ ਜਾਂਚ ਦੀ ਸਿੱਖੀਆ ਦਿੱਤੀ ਹੈ ਉਨ੍ਹਾਂ ਵਲੋਂ ਲਿਖੀ ਗਈ ਜੀਵਨ ਆਦਰਸ਼ ਬਾਰੇ ਲਿਖਤ ਵਿਚ ਲਿਖਿਆ ਕਿ ਖਾਲਸਈ ਪ੍ਰਤੀਤ ਉਤੇ ਸਤਿਗੁਰੂ ਦੀ ਪ੍ਰਤੀਤ ਛਤਰ ਛਾਇਆ ਹੈ ਕੇ ਨਦਰ ਕਰੰਮੀ ਮੋਹਰਾਂ ਵਰਸਾਉਂਦੀ ਹੈ। ਇਹ ਬਿਪ੍ਰੀਤੀ ਬੇਪ੍ਰਤੀਤੀ ਹੋ ਬੀਤੀ ਸੋ ਬੀਤੀ। ਅਗੇ ਨੂੰ ਹੀ ਚੌਕਸਤਾ, ਸਾਵਧਾਨਤਾ ਰਹੇ ਤਾਂ ਭੀ ਖ਼ਾਲਸੇ ਦੇ ਪੌਂ ਬਾਰ੍ਹਾਂ ਹਨ। ਅਸੀਂ ਸਗਲੀ ਠੋਕ ਵਜਾ ਡਿਠੀ। ਜੋ ਕੁਝ ਕਰਨਾ ਹੈ, ਸੋ ਖਾਲਸਾ ਜੀ ਨੇ ਆਪਣੇ ਬਾਹੂ-ਬਲ ਦੇ ਜ਼ੋਰ ਤੇ ਹੀ ਕਰਨਾ ਹੈ। ਅਤੇ ਗੁਰੂ ਅਕਾਲ ਪੁਰਖ ਦੇ ਆਸਰੇ ਪਰਨੇ ਹੋ ਕੇ ਹੀ ਕਰਨਾ ਹੈ। ਪਿਛਲੇ ਧੋਣੇ ਸਭ ਧੋ ਦੇਣੇ ਹਨ। ਦੇਸ਼-ਵੰਡੀਆਂ ਦੀ ਕੂੜਾਵੀ ਲਾਲਸਾ ਤਿਆਗ ਕੇ, ਮੁਲਕਗੀਰੀ ਦੀ ਮਰਦੂਦ ਤ੍ਰਿਸ਼ਨਾ ਛਡ ਕੇ ਇਕ ਖਾਲਸਈ ਮੇਅਰਾਜ ਐਂਜੀ ਆਦਰਸ਼ ਨੂੰ ਮੁਖ ਰਖਣਾ ਹੈ। ਦੁਸ਼ਟ ਉਤਪਾਤੀਆਂ ਨੂੰ ਦੰਡ ਦੇਣਾ ਹੈ, ਸਗਲ ਮਲੇਛ ਜ਼ਾਲਮਾਂ ਨੂੰ ਰਣਘਾਤ ਕਰਨਾ ਹੈ, ਪੂਰਨ ਜੋਤਿ-ਜਗੰਨੇ ਸੂਰਬੀਰ ਖਾਲਸੇ ਬਣ ਕੇ, ਆਪਣੀਆਂ ਰਗਾਂ ਅੰਦਰ ਪੂਰਨ ਸੂਰਬੀਰਤਾ ਦਾ ਖ਼ੂਨ ਮੁੜ ਸੁਰਜੀਤ ਕਰ ਕੇ ? ਬਸ ਇਕ ਖਾਲਸਈ ਸਪਿਰਿਟ ਅਸਾਡੇ ਅੰਦਰ ਸੁਰਜੀਤ ਹੋਵੇ, ਫੇਰ ਅਸੀਂ ਕਿਸ ਦੇ ਲੈਣ ਦੇ ਹਾਂ ? ਸਾਰੀ ਏਹੜ ਤੇਹੜ ਛੱਡ ਕੇ, ਸਾਰੀਆਂ ਕਮਜ਼ੋਰੀ ਭਰੀਆਂ ਸਿਆਣਪਾਂ ਨੂੰ ਸਾੜ ਕੇ ਮੈਦਾਨੀ ਜੂਝਣ ਦਾ ਇਕੋ ਇੱਕ ਅੰਦੀਆ ਹਿਰਦੇ ਅੰਦਰ ਧਾਰ ਕੇ ਗਗਨ ਦਮਾਮਾ ਬਜਾ ਦੇਈਏ। ਇਕ-ਦੰਮ ਇਕੱਠੇ ਹੋ ਕੇ ਵਜਾ ਦੇਈਏ। ਫਤਹ ਦਾ ਸੇਹਰਾ ਅਸਾਡੇ ਤੁਸਾਡੇ ਸੀਸ ਤੇ ਝੁਲੇਗਾ। ਦਾਉ ਜੂਝਨ ਦਾ ਖੁੰਝਦਾ ਜਾਂਦਾ ਹੈ। ਬਥੇਰਾ ਖੁੰਝ ਚੁਕਿਆ। ਬਸ ਹੋਰ ਖੁੰਝਣ ਨਾ ਦੇਵੀਏ।



# ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



**ਜੰਡਿਆਲਾ ਗੁਰੂ, 29 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਸਰਬੰਸਦਾਨੀ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਵੱਡੇ ਸਾਹਿਬਜ਼ਾਦੇ ਦੀ ਬੇਮਿਸਾਲ ਸ਼ਹਾਦਤ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਲੋਹ ਲੰਗਰ ਪੜਾਅ ਵੈਰੋਵਾਲ ਰੋਡ ਤੋਂ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਪੰਜਾ ਪਿਆਰਿਆਂ ਦੀ ਅਗਵਾਈ ਵਿੱਚ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਛਤਰ ਛਾਇਆ ਹੇਠ ਨਗਰ ਕੀਰਤਨ ਸਜਾਇਆ ਗਿਆ ਜਿਸ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਨੰ ਫੁੱਲਾਂ ਨਾਲ ਸੱਜੀ ਪਾਲਕੀ ਸਾਹਿਬ ਵਿੱਚ ਸੁਸੋਭਿਤ ਕੀਤਾ ਗਿਆ ਅਤੇ ਜੈਕਾਰਿਆਂ ਦੀ ਗੂੰਜ ਵਿੱਚ ਨਗਰ ਕੀਰਤਨ ਸਜਾਇਆ ਗਿਆ ਨਗਰ ਕੀਰਤਨ ਸਹਿਰ ਦੀ ਪ੍ਰਕਰਮਾ ਕਰਦਿਆ ਹੋਇਆ ਵੱਖ ਵਖ ਪੜਾਵਾਂ ਤੋਂ ਹੁੰਦਾ ਹੋਇਆ ਦੇਰ ਸਾਮ ਸਮਾਪਤ ਹੋਇਆ ਅਤੇ ਸਹਿਰ ਵਿੱਚ ਵੱਖ-ਵੱਖ ਥਾਵਾਂ ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਫੁੱਲਾਂ ਦੀ ਵਰਖਾ ਕਰਕੇ ਕੀਤਾ ਗਿਆ ਅਤੇ ਰਸਤੇ ਵਿੱਚ ਸੰਗਤਾਂ ਵੱਲੋਂ ਦੁੱਧ ਦੇ ਲੰਗਰ ਤੇ ਵੱਖ ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ ਅਤੇ ਸੰਗਤਾਂ ਵੱਲੋਂ ਸਤਿਨਾਮ ਸ਼੍ਰੀ ਵਾਹਿਗੁਰੂ ਦਾ ਸਿਮਰਨ ਕਰਕੇ ਨਗਰ ਕੀਰਤਨ ਦੀਆਂ ਹਾਜਰੀਆਂ ਭਰੀਆਂ ਗਈਆਂ। ਇਹ ਨਗਰ ਕੀਰਤਨ ਲੋਹ ਲੰਗਰ ਤੋਂ ਆਰੰਭ ਹੋ ਕੇ ਘਾਹ ਮੰਡੀ ਚੌਂਕ ਵਾਲਮੀਕ ਚੌਂਕ ਉਧਮ ਸਿੰਘ ਚੌਂਕ ਗੁਰਦੁਆਰਾ ਮਲੀਆਣਾ ਸਾਹਿਬ ਜੋਤੀਸਰ ਕਲੋਨੀ ਸ਼ਹੀਦ ਊਧਮ ਸਿੰਘ ਕਲੋਨੀ ਤੇ ਹੁੰਦਲ ਕਲੋਨੀ ਤੋਂ ਹੁੰਦਾ ਹੋਇਆ ਵਾਪਸ ਲੋਹ ਲੰਗਰ ਪੜਾਅ ਵਿਖੇ ਸਮਾਪਤ ਹੋਇਆ ।ਇਸ ਨਗਰ ਕੀਰਤਨ ਵਿੱਚ , ਸੰਤ ਸਰੂਪ ਸਿੰਘ, ਸੁਵਿੰਦਰ ਸਿੰਘ ਚੰਦੀ, ਬਚਿੱਤਰ ਸਿੰਘ, ਗੁਰਸੇਵਕ ਸਿੰਘ , ਫਿੰਦਰਜੀਤ ਸਿੰਘ,ਹਰਜਾਪ ਸਿੰਘ ਕੁਲਵੰਤ ਸਿੰਘ ਨੰਬਰਦਾਰ, ਅਮਨਦੀਪ ਸਿੰਘ, ਅਤੇ ਸੰਗਤਾਂ ਵੱਲੋਂ ਸਿਰਪਾਓ ਪਾ ਕਿ ਸਵਾਗਤ ਕੀਤਾ ਗਿਆ।

# ਭਾਜਪਾ ਵੱਲੋਂ ਜਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਅਹੁਦੇਦਾਰਾਂ ਦਾ ਐਲਾਨ ਹਰ ਵਰਗ ਨੂੰ ਪ੍ਰਤੀਨਿਧਤਾ ਦਿੱਤੀ ਗਈ : ਹਰਦੀਪ ਗਿੱਲ



ਜੰਡਿਆਲਾ ਗੁਰੂ, 29 ਦਸੰਬਰ ( ਕੁਲਵੰਤ ਸਿੰਘ ਵਿਰਦੀ )- ਭਾਰਤੀ ਜਨਤਾ ਪਾਰਟੀ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਹਰਦੀਪ ਸਿੰਘ ਗਿੱਲ ਵੱਲੋਂ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ, ਪਾਰਟੀ ਦੇ ਸਹਿ- ਇੰਚਾਰਜ ਤੇ ਵਿਧਾਇਕ ਡਾ. ਨਰਿੰਦਰ ਸਿੰਘ ਰੈਣਾ ਅਤੇ ਸੰਗਠਨ ਮਹਾਂ ਮੰਤਰੀ ਮੰਥਰੀ ਸ਼੍ਰੀਨਿਵਾਸਲੂ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਪਾਰਟੀ ਹਾਈ ਕਮਾਂਡ ਦੀ ਮਨਜ਼ੂਰੀ ਲੈ ਕੇ ਜ਼ਿਲਾ ਅੰਮ੍ਰਿਤਸਰ ਦਿਹਾਤੀ-2 ਦੀ ਟੀਮ ਦਾ ਐਲਾਨ ਕਰ ਦਿੱਤਾ ਹੈ। ਐਲਾਨੀ ਸੂਚੀ ਮੁਤਾਬਕ 6 ਮੀਤ ਪ੍ਰਧਾਨ, 2 ਜਰਨਲ ਸਕੱਤਰ ਅਤੇ 6 ਸਕੱਤਰਾਂ ਤੋਂ ਇਲਾਵਾ ਵੱਖ -ਵੱਖ ਮੋਰਚਿਆਂ ਦੇ ਪ੍ਰਧਾਨ ਅਤੇ ਜਿਲਾ ਕਾਰਜਕਾਰਨੀ ਮੈਂਬਰਾਂ ਦੇ ਮੈਂਬਰਾਂ ਦਾ ਐਲਾਨ ਕੀਤਾ ਗਿਆ ਹੈ। ਸੂਚੀ ਮੁਤਾਬਕ ਗੁਪਤੇਸ਼ਵਰ ਬਾਵਾ, ਹਰਦਿਆਲ ਸਿੰਘ ਗਹਿਰੀ, ਅਵਤਾਰ ਸਿੰਘ, ਤਰਲੋਕ ਸਿੰਘ, ਜਗਰੂਪ ਸਿੰਘ, ਸੁਖਦੇਵ ਸਿੰਘ ( ਸਾਰੇ ਮੀਤ ਪ੍ਰਧਾਨ), ਸੁਖਦੇਵ ਸਿੰਘ ਰਜਧਾਨ, ਸਰਬਜੀਤ ਸਿੰਘ ਵਡਾਲੀ ਦੋਵੇਂ ਜਨਰਲ ਸਕੱਤਰ, ਰਾਜਬੀਰ ਸਿੰਘ ਮਹਿਤਾ, ਹਰਪਾਲ ਸਿੰਘ ਉਦੋ ਨੰਗਲ, ਸਰਬਜੀਤ ਸਿੰਘ, ਹਰਜੀਤ ਸਿੰਘ, ਭੁਪਿੰਦਰ ਸਿੰਘ, ਸੁਭਾਸ਼ ਸਿੰਘ ( ਸਾਰੇ ਸਕੱਤਰ), ਅਮਨਦੀਪ ਕੌਰ ਨੂੰ ਖਜਾਨਚੀ, ਜਸਵਿੰਦਰ ਸਿੰਘ ਦਫਤਰ ਸਕੱਤਰ, ਬਲਜਿੰਦਰ ਸਿੰਘ ਅਮਰਕੋਟ ਨੂੰ ਪ੍ਰਧਾਨ ਯੁਵਾ ਮੋਰਚਾ, ਮਨਦੀਪ ਕੌਰ ਮਹਿਲਾ ਮੋਰਚਾ, ਗੁਲਜਿੰਦਰ ਸਿੰਘ ਲਾਡੀ ਨੰਬਰਦਾਰ ਨੂੰ ਪ੍ਰਧਾਨ ਕਿਸਾਨ ਮੋਰਚਾ, ਬਿਕਰਮਜੀਤ ਸਿੰਘ ਫੌਜੀ ਪ੍ਰਧਾਨ ਐਸ.ਸੀ ਮੋਰਚਾ, ਬਲਜਿੰਦਰ ਸਿੰਘ ਭੰਗਵਾਂ ਪ੍ਰਧਾਨ ਓਬੀਸੀ ਮੋਰਚਾ, ਲਵਪ੍ਰੀਤ ਸਿੰਘ ਆਈਟੀ ਕਨਵੀਨਰ, ਨਿਸ਼ਾਨ ਸਿੰਘ ਸੋਸ਼ਲ ਮੀਡੀਆ ਕਨਵੀਨਰ, ਕਰਨ ਸਿੰਘ ਮੀਡੀਆ ਕਨਵੀਨਰ, ਬਲਜੀਤ ਕੌਰ ਪਬਲੀਸਿਟੀ ਕਨਵੀਨਰ, ਕੇਵਲ ਸਿੰਘ, ਹਰਪਿੰਦਰ ਸਿੰਘ, ਮਾਨ ਸਿੰਘ, ਜਸਪਾਲ ਸਿੰਘ, ਗੁਰਪਾਲ ਸਿੰਘ, ਹਰਦੇਵ ਸਿੰਘ, ਹਰਭਜਨ ਸਿੰਘ, ਹਰਦੇਵ ਸਿੰਘ, ਜਗਤਾਰ ਸਿੰਘ, ਜੈਮਲ ਸਿੰਘ, ਮਹਿੰਦਰ ਸਿੰਘ, ਹਰਜਿੰਦਰ ਕੌਰ, ਚਰਨ ਸਿੰਘ ਕੁਲਵੰਤ ਸਿੰਘ, ਹੀਰਾ ਸਿੰਘ ਜੋਗਿੰਦਰ ਸਿੰਘ ਫੌਜੀ, ਸਤਨਾਮ ਸਿੰਘ ਮੇਜਰ ਸਿੰਘ ਮੁੱਛਲ, ਰਾਣੀ ਗੁਰਪਿੰਦਰ ਸਿੰਘ ਨੂੰ ਜਿਲਾ ਕਾਰਜ ਕਰਨੀ ਮੈਂਬਰ ਬਣਾਇਆ ਗਿਆ ਹੈ। ਹਰਦੀਪ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਨਵੀਂ ਟੀਮ ਵਿੱਚ ਸਾਰੇ ਵਰਗਾਂ ਨੂੰ ਪ੍ਰਤੀਨਿਧਤਾ ਦਿੱਤੀ ਗਈ ਹੈ ਹੈ। ਮਹਿਲਾਵਾਂ ਨੂੰ ਵੀ ਯੋਗ ਨੁਮਾਇੰਦਗੀ ਦਿੱਤੀ ਗਈ ਹੈ। ਇਸ ਦੇ ਨਾਲ ਹੀ ਜਿਲ੍ਹਾ ਐਸ.ਸੀ. ਮੋਰਚਾ ਵਿੱਚ ਵੀ ਕੁਝ ਨਿਯੁਕਤੀਆਂ ਕੀਤੀਆਂ ਗਈਆਂ ਹਨ ਜਿਸ ਵਿੱਚ ਸਰਬਜੀਤ ਸਿੰਘ ਖਾਨਕੋਟ, ਗੁਰਬਖਸ਼ ਸਿੰਘ ਫਤਿਹਪੁਰ, ਸਰਬਜੀਤ ਸਿੰਘ ਸੂਬੇਦਾਰ ਉਦੋਨੰਗਲ, ਸੁਖਬੀਰ ਸਿੰਘ ਨੂੰ ਮੀਤ ਪ੍ਰਧਾਨ ਐਸ.ਸੀ. ਮੋਰਚਾ ਨਿਯੁਕਤ ਕੀਤਾ ਗਿਆ ਹੈ। ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿੱਲ ਨੇ ਦੱਸਿਆ ਕਿ ਵੱਖ -ਵੱਖ ਮੋਰਚਿਆਂ ਦੇ ਅਹੁਦੇਦਾਰਾਂ ਦਾ ਐਲਾਨ ਵੀ ਜਲਦ ਹੀ ਕਰ ਦਿੱਤਾ ਜਾਵੇਗਾ।

# ਇਕ ਹਜ਼ਾਰ ਰੁਪਏ ਦੀ ਉਡੀਕ 'ਚ ਬੈਠੀਆਂ ਔਰਤਾਂ ਲਈ ਖ਼ੁਸ਼ਖ਼ਬਰੀ ! ਮੰਤਰੀ ਹਰਪਾਲ ਚੀਮਾ ਨੇ ਦਿੱਤਾ ਭਰੋਸਾ



**ਟਾਂਡਾ, 29 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਪੰਜਾਬ ਸਰਕਾਰ ਵੱਲੋਂ ਮਿਲਣ ਵਾਲੇ ਇਕ ਹਜ਼ਾਰ ਰੁਪਏ ਦੀ ਉਡੀਕ ਵਿਚ ਬੈਠੀਆਂ ਔਰਤਾਂ ਲਈ ਅਹਿਮ ਖ਼ਬਰ ਸਾਹਮਣੇ ਆਈ ਹੈ। ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਜਿੱਥੇ ਕਈ ਸਕੀਮਾਂ ਵੱਲੋਂ ਸੂਬੇ ਅੰਦਰ ਵਿਕਾਸ ਕੀਤਾ ਜਾ ਰਿਹਾ, ਉੱਥੇ ਹੀ ਔਰਤਾਂ ਨੂੰ ਇਕ ਹਜ਼ਾਰ ਰੁਪਏ ਦੇਣ ਦੀ ਸਕੀਮ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਅੱਜ ਟਾਂਡਾ ਵਿਖੇ 'ਆਪ' ਵਰਕਰਾਂ ਨਾਲ ਰਸਮੀ ਤੌਰ 'ਤੇ ਕੀਤੀ ਮੁਲਾਕਾਤ ਦੌਰਾਨ ਗੱਲਬਾਤ ਕਰਦੇ ਹੋਏ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਦੇ ਹਰੇਕ ਖੇਤਰ ਦੀ ਬਿਹਤਰੀ ਵਾਸਤੇ ਕਰੋੜਾਂ ਰੁਪਏ ਖ਼ਰਚ ਕੀਤੇ ਗਏ ਹਨ ਅਤੇ ਆਉਣ ਵਾਲੇ ਸਾਲ ਵਿੱਚ ਸਰਕਾਰ ਵੱਲੋਂ ਰਹਿੰਦੇ ਹੋਏ ਵਿਕਾਸ ਕਾਰਜਾਂ ਲਈ ਪੂਰੇ ਯਤਨ ਕੀਤੇ ਜਾਣਗੇ। ਇਸ ਮੌਕੇ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਦੀ ਅਗਵਾਈ ਵਿੱਚ ਇਕੱਤਰ ਹੋਏ ਨੇ ਹਰਪਾਲ ਸਿੰਘ ਚੀਮਾ ਦਾ ਟਾਂਡਾ ਪਹੁੰਚਣ 'ਤੇ ਸਵਾਗਤ ਕੀਤਾ ਅਤੇ ਨਾਲ ਹੀ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਵੀ ਵਿਚਾਰ ਵਟਾਂਦਰਾ ਕੀਤਾ।